


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਐਤਵਾਰ, 08 ਦਸੰਬਰ 2024

Email:- lokbani08@gmail.com





R. N. I. Punpun/29016/2008 ✶ ਸਾਲ 16 , ✶ ਅੰਕ : 118, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਬਰਤਾਨੀਆ ਵਿੱਚ ਤੂਫ਼ਾਨ ਨੇ ਮਚਾਈ ਹਰ ਪਾਸੇ ਤਬਾਹੀ


**ਲੰਡਨ, ਲੋਕ ਬਾਣੀ-** ਬਰਤਾਨੀਆ ਅਤੇ ਆਇਰਲੈਂਡ ਵਿੱਚ ਵੱਡੀ ਗਿਣਤੀ ਲੋਕ ਅੱਜ ਬਿਜਲੀ ਤੋਂ ਵਾਂਝੇ ਰਹੇ। ਇੱਥੇ ਅੱਜ ਤੇਜ਼ ਹਵਾਵਾਂ ਅਤੇ ਭਾਰੀ ਮੀਂਹ ਪਿਆ ਜਿਸ ਕਾਰਨ ਮੌਸਮ ਵਿਭਾਗ ਨੇ ਲੋਕਾਂ ਨੂੰ ਘਰਾਂ ਦੇ ਅੰਦਰ ਰਹਿਣ ਦੀ ਚਿਤਾਵਨੀ ਦਿੱਤੀ ਸੀ। ਇਨ੍ਹਾਂ ਖੇਤਰਾਂ ਵਿਚ 93 ਮੀਲ ਪ੍ਰਤੀ ਘੰਟਾ ਦੀ ਰਫਤਾਰ ਨਾਲ ਤੇਜ਼ ਹਵਾਵਾਂ ਚੱਲੀਆਂ। ਜ਼ਿਕਰਯੋਗ ਹੈ ਕਿ ਯੂਕੇ ਦੇ ਮੌਸਮ ਵਿਭਾਗ ਨੇ ਬੀਤੇ ਦਿਨੀਂ ਰੈੱਡ ਅਲਰਟ ਜਾਰੀ ਕਰਦਿਆਂ ਪੇਸ਼ੀਨਗੋਈ ਕੀਤੀ ਸੀ ਕਿ ਉੱਤਰੀ



ਆਇਰਲੈਂਡ, ਵੇਲਜ਼ ਅਤੇ ਪੱਛਮੀ ਇੰਗਲੈਂਡ ਤੂਫਾਨ ਆਵੇਗਾ

## ਬੰਗਲਾਦੇਸ਼ ਵਿਚ ਇਕ ਹੋਰ ਇਸਕੋਨ ਮੰਦਰ ਨੂੰ ਲਾਈਂ ਗਈ ਅੱਗ

**ਕੋਲਕਾਤਾ, ਲੋਕ ਬਾਣੀ-**ਗੁਆਂਢੀ ਦੇਸ਼ ਬੰਗਲਾਦੇਸ਼ ਦੇ ਢਾਕਾ ਵਿਚ ਇਸਕੋਨ ਦੇ ਇਕ ਹੋਰ ਮੰਦਰ ਨੂੰ ਅੱਜ ਅੱਗ ਲਾ ਦਿੱਤੀ ਗਈ ਜਿਸ ਕਾਰਨ ਮੰਦਰ ਦੀ ਇਮਾਰਤ ਨੁਕਸਾਨੀ ਗਈ ਤੇ ਸਾਮਾਨ ਸੜ ਕੇ ਸੁਆਹ ਹੋ ਗਿਆ। ਇਹ ਜਾਣਕਾਰੀ ਇਸਕੋਨ ਕੋਲਕਾਤਾ ਦੇ ਉਪ-ਪ੍ਰਧਾਨ ਅਤੇ ਬੁਲਾਰੇ ਰਾਧਾਰਮਨ ਦਾਸ ਨੇ ਦਿੰਦਿਆਂ ਦੱਸਿਆ ਕਿ ਬੰਗਲਾਦੇਸ਼ ਵਿੱਚ ਇੱਕ ਹੋਰ ਇਸਕੋਨ ਮੰਦਰ ਨੂੰ ਅੱਗ ਲਾ ਦਿੱਤੀ ਗਈ ਜਿਸ ਕਾਰਨ ਦੇਵੀ ਦੇਵਤਿਆਂ ਦੀਆਂ ਮੂਰਤੀਆਂ ਸਣੇ ਅੰਦਰ



ਦਾ ਸਾਰਾ ਸਮਾਨ ਸੜ ਕੇ ਸੁਆਹ ਹੋ ਗਿਆ। ਉਨ੍ਹਾਂ ਦੱਸਿਆ ਕਿ ਮੰਦਰ ਨੂੰ ਅੱਗ ਤੜਕੇ ਲਾਈ ਗਈ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੇ ਰਾਧਾ ਕ੍ਰਿਸ਼ਨ ਮੰਦਰ ਅਤੇ ਮਹਾਭਾਗਯ ਲਕਸ਼ਮੀ ਨਰਾਇਣ ਮੰਦਰ ਨੂੰ ਅੱਗ ਲਗਾ ਦਿੱਤੀ

## ਰਾਹੁਲ ਗਾਂਧੀ ਨੇ ਮੋਦੀ ਸਰਕਾਰ ਤੇ ਲਾਏ ਗੰਭੀਰ ਇਲਜ਼ਾਮ

**ਦਿੱਲੀ, ਲੋਕ ਬਾਣੀ-**ਕਾਂਗਰਸ ਨੇਤਾ ਅਤੇ ਲੋਕ ਸਭਾ ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਤੇ ਨਿਸ਼ਾਨਾ ਸਾਧਦੇ ਹੋਏ ਦੋਸ਼ ਲਗਾਇਆ ਕਿ ਉਹ 1500 ਰੁਪਏ ਤੋਂ ਵੱਧ ਕੀਮਤ ਵਾਲੇ ਕੱਪੜਿਆਂ ਤੇ ਜੀ.ਐੱਸ.ਟੀ. ਸਲੈਬ ਨੂੰ ਵਧਾਉਣ ਦੀ ਯੋਜਨਾ ਬਣਾ ਰਹੀ ਹੈ। ਇਸ ਮੌਕੇ ਉਨ੍ਹਾਂ ਨੇ ਇਸ ਤੇ ਪੂੰਜੀਪਤੀਆਂ ਦਾ ਪੱਖ ਪੂਰਦਿਆਂ ਗ਼ਰੀਬ ਅਤੇ ਮੱਧ ਵਰਗ ਤੇ ਬੋਝ ਪਾਉਣ ਦਾ ਦੋਸ਼ ਲਾਇਆ। ਰਾਹੁਲ ਗਾਂਧੀ ਨੇ ਸੋਸ਼ਲ ਮੀਡੀਆ ਪਲੇਟਫਾਰਮ



ਐਕਸ ਤੇ ਲੈ ਕੇ ਕਿਹਾ, ਸਰਮਾਏਦਾਰਾਂ ਨੂੰ ਰਿਆਇਤਾਂ ਅਤੇ ਆਮ ਲੋਕਾਂ ਦੀ ਲੁੱਟ ਦੀ ਇਕ ਹੋਰ ਉਦਾਹਰਣ ਦੇਖੋ।

## ਤੇਲੰਗਾਨਾ ਵਿੱਚ ਵਾਪਰੀਆਂ ਸੜਕ ਹਾਦਸਾ ਪੰਜ ਦੀ ਹੋਈ ਮੌਤ


**ਹੈਦਰਾਬਾਦ ਲੋਕ ਬਾਣੀ-** - ਤੇਲੰਗਾਨਾ ਦੇ ਯਾਦਾਦਰੀ ਭੁਵਨਗਿਰੀ ਜ਼ਿਲ੍ਹੇ ਵਿਚ ਇਕ ਕਾਰ ਬੇਕਾਬੂ ਹੋ ਕੇ ਛੱਪੜ ਵਿਚ ਡਿਗ ਗਈ। ਇਸ ਹਾਦਸੇ ਵਿਚ ਪੰਜ ਲੋਕਾਂ ਦੀ ਮੌਤ ਹੋ ਗਈ ਅਤੇ ਇਕ ਵਿਅਕਤੀ ਸੁਰੱਖਿਅਤ ਬਚ ਗਿਆ। ਇਹ ਹਾਦਸਾ ਜ਼ਿਲ੍ਹੇ ਦੇ ਭੂਦਨ



ਪੋਚਮਪੱਲੀ ਦੇ ਜਲਾਲਪੁਰ ਨੇੜੇ ਵਾਪਰਿਆ। ਹਾਦਸੇ ਦੇ ਸਮੇਂ ਕਾਰ ਵਿਚ ਛੇ ਲੋਕ ਸਵਾਰ ਸਨ।

## ਹਿਮਾਚਲ ਪ੍ਰਦੇਸ਼ ਵਿਚ ਹੋਈ ਬਰਫਬਾਰੀ ਤੇ ਪਿਆ ਮੀਂਹ

**ਚੰਡੀਗੜ੍ਹ, ਵਿਨੋਦ ਸ਼ਰਮਾ-**ਮੌਸਮ ਵਿਭਾਗ ਨੇ ਕਿਹਾ ਹੈ ਕਿ ਪੱਛਮੀ ਹਿਮਾਲੀਅਨ ਖੇਤਰ ’ਤੇ ਪੱਛਮੀ ਗੜਬੜੀ ਦੇ ਮੱਦੇਨਜ਼ਰ 8 ਤੇ 9 ਦਸੰਬਰ ਨੂੰ ਹਿਮਾਚਲ ਪ੍ਰਦੇਸ਼ ਦੀਆਂ ਵੱਖ-ਵੱਖ ਥਾਵਾਂ ’ਤੇ ਮੀਂਹ ਤੇ ਬਰਫਬਾਰੀ ਪੈਣ ਦੀ ਸੰਭਾਵਨਾ ਹੈ।ਇਨ੍ਹਾਂ ਦੋ ਦਿਨਾਂ ਵਿੱਚ ਸੂਬੇ ਭਰ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ ਜਦੋਂ ਕਿ ਲਾਹੌਲ ਅਤੇ ਸਪਿਤੀ, ਚੰਬਾ, ਕਿਨੌਰ, ਕਾਂਗੜਾ, ਸ਼ਿਮਲਾ ਅਤੇ



ਕੁੱਲੂ ਜ਼ਿਲ੍ਹਿਆਂ ਵਿੱਚ ਕੁਝ ਥਾਵਾਂ ’ਤੇ ਹਲਕੀ ਤੋਂ ਦਰਮਿਆਨੀ ਬਰਫਬਾਰੀ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਸੋਮਵਾਰ ਅਤੇ ਮੰਗਲਵਾਰ ਨੂੰ ਸੋਲਨ, ਸਿਰਮੌਰ, ਊਨਾ, ਬਿਲਾਸਪੁਰ, ਮੰਡੀ ਅਤੇ ਹਮੀਰਪੁਰ ਜ਼ਿਲ੍ਹਿਆਂ ਵਿੱਚ ਕੁਝ ਥਾਵਾਂ ’ਤੇ ਹਲਕੀ ਮੀਂਹ ਅਤੇ ਮੰਗਲਵਾਰ ਤੱਕ ਮੱਧ ਅਤੇ ਉੱਚੀਆਂ ਪਹਾੜੀਆਂ ’ਤੇ ਵੱਖ-ਵੱਖ ਥਾਵਾਂ ’ਤੇ ਮੀਂਹ ਜਾਂ ਬਰਫਬਾਰੀ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਅੱਠ ਦਸੰਬਰ ਨੂੰ ਊਨਾ, ਹਮੀਰਪੁਰ, ਬਿਲਾਸਪੁਰ, ਕਾਂਗੜਾ, ਮੰਡੀ, ਸ਼ਿਮਲਾ, ਸੋਲਨ ਅਤੇ ਸਿਰਮੌਰ ਜ਼ਿਲ੍ਹਿਆਂ ਵਿੱਚ ਕਈ ਥਾਵਾਂ ’ਤੇ ਯੈਲੋ ਅਲਰਟ ਵੀ ਜਾਰੀ ਕੀਤਾ ਹੈ।

## ਕਿਸਾਨਾ ਦੇ ਦਿੱਲੀ ਜਾਣ ਦੇ ਐਲਾਨ ਮਗਰੋਂ ਸ਼ੰਭੂ ਬਾਰਡਰ ਤੇ ਸੁਰੱਖਿਆ ਸਖਤ ਕੀਤੀ ਗਈ

**ਅੰਬਾਲਾ, ਲੋਕ ਬਾਣੀ--** ਹਰਿਆਣਾ ਸ਼ੰਭੂ ਸਰਹੱਦ ਤੇ ਜਿਥੇ ਕਿਸਾਨ ਵੱਖ-ਵੱਖ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ, ਉਥੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਨੁਸਾਰ 101 ਕਿਸਾਨਾਂ ਦਾ ‘ਜਥਾ’ 8



ਦਸੰਬਰ ਨੂੰ ਦੁਪਹਿਰ 12 ਵਜੇ ਦਿੱਲੀ ਵੱਲ ਕੂਚ ਕਰੇਗਾ।

## ਪੰਜਾਬ ਵਿੱਚ ਫੇਰ ਚੱਲੀਂ ਗੋਲੀ ਇਕ ਨੌਜਵਾਨ ਜ਼ਖ਼ਮੀ

**ਅਮ੍ਰਿਤਸਰ, ਲੋਕ ਬਾਣੀ--**ਥਾਣਾ ਅਜਨਾਲਾ ਅਧੀਨ ਆਉਂਦੇ ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਨੇੜਲੇ ਪਿੰਡ ਸ਼ਾਹੋਵਾਲ ਵਿਖੇ ਸ਼ਾਮ ਸਮੇਂ ਗੋਲੀ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ੭ ਗੋਲੀ ਲੱਗਣ ਨਾਲ ਇਕ ਨੌਜਵਾਨ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ, ਜਿਸਦਾ ਰਾਜਾਸਾਂਸੀ ਹਵਾਈ ਅੱਡੇ ਨੇੜਲੇ ਇਕ ਨਿੱਜੀ ਹਸਪਤਾਲ ਵਿਚ ਇਲਾਜ ਚੱਲ ਰਿਹਾ ਹੈ੭ ਇਸ ਮਾਮਲੇ ਸੰਬੰਧੀ ਗੱਲਬਾਤ ਕਰਦਿਆਂ ਥਾਣਾ ਅਜਨਾਲਾ ਦੇ ਐਸ.ਐਚ.ਓ




ਇੰਸਪੈਕਟਰ ਸਤਪਾਲ ਸਿੰਘ ਨੇ ਦੱਸਿਆ ਕਿ ਸਾਰੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸੂਬੇ ਦੀਆਂ ਜੇਲ੍ਹਾਂ ਵਿੱਚ ਸ਼ਰੇਆਮ ਗੁੰਡਾਗਰਦੀ ਤੇ ਹੋ ਰਹੀ ਹੈ ਲੜਾਈ

**ਜਲੰਧਰ, ਬਿੱਟੂ ਫੋਲੜੀਵਾਲ** --ਪੰਜਾਬ ਵਿਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਹੈਂ ਹੁਣ ਤਾਂ ਜੇਲ੍ਹਾਂ ਚ ਵੀ ਸ਼ਰੇਆਮ ਗੁੰਡਾਗਰਦੀ ਦਾ ਰਾਜ ਹੈ ਤਾਜ਼ਾ ਮਾਮਲਾ ਕੇਂਦਰੀ ਜੇਲ੍ਹ ਜਲੰਧਰ ਤੇ ਕਪੂਰਥਲਾ ’ਦਾ ਹੈ ਜਿਥੇ ਹਵਾਲਾਤੀਆਂ ਦੇ 2 ਗੁੱਟਾਂ ਵਿਚਾਲੇ ਝਗੜਾ ਹੋਣ ਦਾ ਹੈ ਇਸ ਗੈਂਗਵਾਰ ਦੌਰਾਨ 4 ਹਵਾਲਾਤੀ ਜ਼ਖ਼ਮੀ ਹੋ ਗਏ, ਜਿਨ੍ਹਾਂ ’ਚ ਇਕ ਜ਼ਖ਼ਮੀ



ਹਵਾਲਾਤੀ ਦੀ ਗੰਭੀਰ ਹਾਲਤ ਨੂੰ ਵੇਖਦੇ ਹੋਏ ਉਸ ਨੂੰ ਅੰਮ੍ਰਿਤਸਰ ਲਈ ਰੈਫਰ ਕਰ ਦਿੱਤਾ ਗਿਆ ਹੈ ਕੀ ਇਹੋ ਬਦਲਾਅ ਹੈ




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪੰਜਾਬ ਦੇ 7 ਜ਼ਿਲ੍ਹਿਆਂ ਚ ਧੁੰਦ ਦਾ ਅਲਰਟ ! ਇਸ ਦਿਨ ਪਵੇਗਾ ਮੀਂਹ, ਜਾਣੋ ਆਪਣੇ ਸ਼ਹਿਰ ਦਾ ਹਾਲ

ਪੰਜਾਬ (ਲੋਕ ਬਾਣੀ)-ਚੰਡੀਗੜ੍ਹ ਚ ਠੰਡ ਵਧਣ ਲੱਗ ਪਈ ਹੈ। ਇਸ ਦੇ ਨਾਲ ਹੀ ਪਿਛਲੇ ਤਿੰਨ ਦਿਨਾਂ ਚ ਤਾਪਮਾਨ ਚ ਕਰੀਬ 5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਹੈ। ਤਾਪਮਾਨ ਚ ਇਹ ਬਦਲਾਅ ਪਿਛਲੇ ਕੁਝ ਦਿਨਾਂ ਚ ਪਹਾੜੀ ਇਲਾਕਿਆਂ ਚ ਹੋਈ ਬਰਫਬਾਰੀ ਤੋਂ ਬਾਅਦ ਦੇਖਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪੰਜਾਬ ਦਾ ਆਦਮਪੁਰ ਦੇਸ਼ ਦੇ ਮੈਦਾਨੀ ਇਲਾਕਿਆਂ ਚ ਸਭ ਤੋਂ ਠੰਡਾ ਰਿਹਾ, ਜਿੱਥੇ ਘੱਟੋ-ਘੱਟ ਤਾਪਮਾਨ 3.8 ਡਿਗਰੀ ਦਰਜ ਕੀਤਾ ਗਿਆ। ਆਉਣ ਵਾਲੇ ਦਿਨਾਂ ਚ ਪੰਜਾਬ-ਚੰਡੀਗੜ੍ਹ ਚ ਮੀਂਹ ਪੈਣ ਦੀ ਸੰਭਾਵਨਾ ਹੈ ਅਤੇ ਤਾਪਮਾਨ ਚ ਹੋਰ ਗਿਰਾਵਟ ਆਵੇਗੀ।ਮੌਸਮ ਕੇਂਦਰ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਅੱਜ ਪੰਜਾਬ ਦੇ 7 ਜ਼ਿਲ੍ਹਿਆਂ ਵਿੱਚ ਧੁੰਦ ਦਾ ਅਲਰਟ ਦੇਖਣ ਨੂੰ ਮਿਲੇਗਾ ਜਿਸ ਵਿੱਚ ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਬਰਨਾਲਾ, ਸੰਗਰੂਰ



ਅਤੇ ਮਾਨਸਾ ਵਿੱਚ ਧੁੰਦ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਨੇ ਇੱਥੇ ਯੈਲੋ ਅਲਰਟ ਜਾਰੀ ਕੀਤਾ ਹੈ। ਭਾਵ ਇੱਥੇ ਵਿਜ਼ੀਬਿਲਟੀ 50 ਮੀਟਰ ਤੱਕ ਪਹੁੰਚ ਸਕਦੀ ਹੈ। ਅੱਜ ਤੋਂ ਇਲਾਵਾ ਐਤਵਾਰ ਤੱਕ ਪੰਜਾਬ ਵਿੱਚ ਧੁੰਦ ਛਾਈ ਰਹੇਗੀ।

# ਐਡਵੋਕੇਟ ਧਾਮੀ ਨੇ 9 ਦਸੰਬਰ ਨੂੰ ਸੱਦੀ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ



ਅੰਮ੍ਰਿਤਸਰ-(ਲੋਕ ਬਾਣੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਇਕੱਤਰਤਾ 9 ਦਸੰਬਰ 2024 ਨੂੰ ਬੁਲਾਈ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਹੰਗਾਮੀ ਇਕੱਤਰਤਾ ਪੰਥਕ ਮਾਮਲਿਆਂ ਤੇ ਵਿਚਾਰ ਕਰਨ ਲਈ ਬੁਲਾਈ ਗਈ ਹੈ, ਜੋ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ 9 ਦਸੰਬਰ ਨੂੰ ਸਵੇਰੇ 11 ਵਜੇ ਹੋਵੇਗੀ। ਇਸ ਇਕੱਤਰਤਾ ਦੀ ਅਗਵਾਈ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਪੱਤਰ ਜਾਰੀ ਕਰ ਦਿੱਤਾ

# ਲੁਧਿਆਣਾ ਚ ਨਜਾਇਜ਼ ਹਥਿਆਰਾਂ ਸਮੇਤ 2 ਬਦਮਾਸ਼ ਕਾਬੂ, 3 ਪਿਸਤੌਲ, 6 ਕਾਰਤੂਸ ਤੇ ਇੱਕ ਕਾਰ ਬਰਾਮਦ

ਲੁਧਿਆਣਾ-(ਲੋਕ ਬਾਣੀ) ਪੰਜਾਬ ਦੇ ਲੁਧਿਆਣਾ ਵਿੱਚ ਪੁਲਿਸ ਨੇ 2 ਬਦਮਾਸ਼ਾਂ ਨੂੰ ਨਜਾਇਜ਼ ਹਥਿਆਰਾਂ ਸਮੇਤ ਕਾਬੂ ਕੀਤਾ ਹੈ, ਫਿਲਹਾਲ ਇਨ੍ਹਾਂ ਦੇ ਤਿੰਨ ਸਾਥੀ ਅਜੇ ਤੱਕ ਫੜੇ ਨਹੀਂ ਗਏ ਹਨ। ਪੁਲਿਸ ਨੇ ਬਦਮਾਸ਼ਾਂ ਕੋਲੋਂ 3 ਨਜਾਇਜ਼ ਪਿਸਤੌਲ, 6 ਜਿੰਦਾ ਕਾਰਤੂਸ ਅਤੇ ਇੱਕ ਥਾਰ ਕਾਰ ਬਰਾਮਦ ਕੀਤੀ ਹੈ। ਬਦਮਾਸ਼ਾਂ ਖ਼ਿਲਾਫ਼ ਵੱਖ-ਵੱਖ ਥਾਣਿਆਂ ਵਿੱਚ ਕੇਸ ਦਰਜ ਹਨ।

ਜਾਣਕਾਰੀ ਦਿੰਦਿਆਂ ਡੀਸੀਪੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਮੁਲਜ਼ਮ ਜਸ਼ਨਦੀਪ ਸਿੰਘ ਜਸ਼ਨ ਨੇ ਪੁਲੀਸ ਨੂੰ ਦੱਸਿਆ ਕਿ ਉਹ ਅਕਤੂਬਰ 2024 ਵਿੱਚ ਹੋਣ ਵਾਲੀਆਂ ਸਰਪੰਚ ਚੋਣਾਂ ਵਿੱਚ ਸਰਪੰਚ ਲਈ ਨਾਮਜ਼ਦਗੀ ਪੱਤਰ ਭਰਨ ਲਈ ਰਿਸ਼ੀ ਨਗਰ ਸਥਿਤ ਪੋਲੀਟੈਕਨਿਕ ਕਾਲਜ ਗਿਆ ਸੀ। ਜਿੱਥੇ ਉਸ ਦੀ ਵਿਰੋਧੀ ਧੜੇ ਨਾਲ ਝੜਪ ਹੋ ਗਈ।ਇਸ ਦੌਰਾਨ ਪੀਏਯੂ ਥਾਣੇ ਦੀ ਪੁਲੀਸ ਨੇ 6 ਅਕਤੂਬਰ 2024 ਨੂੰ ਦੋਵਾਂ ਧਿਰਾਂ ਖ਼ਿਲਾਫ਼ ਕੇਸ ਦਰਜ ਕੀਤਾ ਸੀ। ਇਸ ਮਾਮਲੇ ਨੂੰ ਲੈ ਕੇ ਜਸ਼ਨਦੀਪ ਸਿੰਘ ਉਰਫ਼ ਜਸ਼ਨ ਨੇ ਮੌਜੂਦਾ ਸਰਪੰਚ ਨਾਲ ਰੰਜਿਸ਼ ਰੱਖਣੀ ਸ਼ੁਰੂ ਕਰ ਦਿੱਤੀ ਸੀ। ਉਸ ਨੇ ਆਪਣੇ ਸਾਥੀਆਂ ਗਗਨਦੀਪ ਸਿੰਘ ਉਰਫ ਗਗਨ, ਅਕਾਸ਼ਦੀਪ ਸਿੰਘ ਉਰਫ ਪੰਨੂੰ, ਗਗਨਦੀਪ ਸਿੰਘ ਉਰਫ ਗੱਗੂ ਉਰਫ ਗਿਆਨੀ ਅਤੇ ਕੇਤਨ ਨਾਲ ਮਿਲ ਕੇ ਸਰਪੰਚ ਦੇ ਕਤਲ ਦੀ ਯੋਜਨਾ ਬਣਾਈ ਸੀ।ਪੁਲਿਸ ਨੇ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ




ਆਕਾਸ਼ ਦੀਪ, ਗਗਨਦੀਪ ਅਤੇ ਕੇਤਨ ਹਰਿਆਣਾ ਨੂੰ ਨਾਮਜ਼ਦ ਕੀਤਾ ਹੈ। ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲੀਸ ਅਨੁਸਾਰ ਜਸ਼ਨਦੀਪ ਸਿੰਘ, ਗਗਨਦੀਪ ਉਰਫ਼ ਗਗਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਬਾਕੀ ਸਾਥੀਆਂ ਦੀ ਗਿ੍ਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਸੁਖਬੀਰ ਬਾਦਲ ਅੱਜ ਫਤਹਿਗੜ੍ਹ ਸਾਹਿਬ ‘ਚ ਨਿਭਾ ਰਹੇ ਸੇਵਾ, ਅਕਾਲ ਤਖ਼ਤ ਨੇ ਲਗਾਈ ਹੈ ਤਨਖਾਹ

ਅੰਮ੍ਰਿਤਸਰ-(ਲੋਕ ਬਾਣੀ) ਸ੍ਰੀ ਅਕਾਤ ਤਖ਼ਤ ਸਾਹਿਬ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਸੁਣਾਈ ਸਜ਼ਾ ਦਾ ਅੱਜ ਪੰਜਵਾਂ ਦਿਨ ਹੈ। ਸ੍ਰੀ ਫਤਹਿਗੜ੍ਹ ਸਾਹਿਬ ਵਿੱਚ ਸੁਖਬੀਰ ਸਿੰਘ ਬਾਦਲ ਅੱਜ ਪਹਿਰੇਦਾਰ ਦਾ ਚੋਲਾ ਪਾ ਕੇ ਸੇਵਾ ਨਿਭਾ ਰਹੇ ਹਨ। ਇੱਕ ਘੰਟਾ ਸੇਵਾ ਨਿਭਾਉਣ ਤੋਂ ਬਾਅਦ ਉਹ ਸਿਮਰਨ ਕਰਨਗੇ। ਇਸ ਤੋਂ ਬਾਅਦ ਉਹ ਲੰਗਰ ਹਾਲ ਵਿੱਚ ਝੂਠੇ ਭਾਂਡੀਆਂ ਦੀ ਸੇਵਾ ਵੀ ਕਰਨਗੇ।



# ਵਿਆਹ ਸਮਾਗਮ ਤੋਂ ਘਰ ਵਾਪਸ ਜਾ ਰਹੇ SHO ਸਮਰਾਲਾ ਦੀ ਸੜਕ ਹਾਦਸੇ ਚ ਮੌਤ, ਟਰੱਕ ਨੇ ਮਾਰੀ ਕਾਰ ਨੂੰ ਟੱਕਰ

(ਲੋਕ ਬਾਣੀ) ਪੁਲਿਸ ਥਾਣਾ ਸਮਰਾਲਾ ਵਿਖੇ ਬਤੌਰ ਥਾਣਾ ਮੁਖੀ ਦੀਆਂ ਸੇਵਾਵਾਂ ਨਿਭਾ ਰਹੇ ਦਵਿੰਦਰਪਾਲ ਸਿੰਘ ਡੀਪੀ ਦੀ ਬੀਤੀ ਦੇਰ ਰਾਤ ਅਮਲੋਹ- ਨਾਭਾ ਸੜਕ ਤੇ ਸਥਿਤ ਪਿੰਡ ਭੱਦਲਥੂਹਾ ਵਿਖੇ ਟਰੱਕ ਨੰਬਰ ਆਰਜੇ 19 ਜੀਬੀ- 3508 ਦੇ ਨਾਲ ਹੋਈ ਇਨੋਵਾ ਕਾਰ ਨੰਬਰ ਪੀ ਬੀ -10 ਐਫ ਬੀ- 7000 ਦੀ ਟੱਕਰ ਚ ਮੌਕੇ ਤੇ ਹੀ ਮੌਤ ਹੋ ਗਈ ਹੈ। ਸੂਤਰਾਂ ਮੁਤਾਬਿਕ ਉਹ ਇਕ ਵਿਆਹ ਸਮਾਗਮ ਤੋਂ ਆਪਣੇ ਘਰ ਮੰਡੀ ਗੋਬਿੰਦਗੜ੍ਹ ਵਿਖੇ ਜਾ ਰਹੇ ਸਨ।




# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਗੁਰਪੁਰਬ ਮੌਕੇ ਰਾਜਪਾਲ ਕਟਾਰੀਆ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਨਤਮਸਤਕ

ਬਾਬਾ ਬਕਾਲਾ ਸਾਹਿਬ (ਲੋਕ ਬਾਣੀ) - ਅੱਜ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਗੁਰਪੁਰਬ ਮੌਕੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਨਿਕ ਗੁਲਾਬ ਚੰਦ ਕਟਾਰੀਆ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋਏ । ਇਸ ਦੌਰਾਨ ਉਨ੍ਹਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾਂ ਨੇ ਕੜਾਹ ਪ੍ਰਸ਼ਾਦਿ ਦੀ ਦੇਗ ਕਰਵਾਈ, ਅਤੇ ਕੁਝ ਸਮਾਂ ਗੁਰਬਾਣੀ ਕੀਰਤਨ ਵੀ ਸਰਵਣ ਕੀਤਾ । ਇਸ ਮੌਕੇ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਹਿੰਦ ਦੀ ਚਾਦਰ ਬਣਕੇ ਲਾਸਾਨੀ ਸ਼ਹਾਦਤ ਦਿੱਤੀ,



ਜਿਸ ਨੂੰ ਕਿ ਕਦੇ ਭੁਲਾਇਆ ਨਹੀਂ ਜਾ ਸਕਦਾ । ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾਂ, ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ ਨੇ ਉਨ੍ਹਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਤਸਵੀਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ।

# ਪੰਜਾਬ ਚ ਨਗਰ ਨਿਗਮ ਚੋਣਾਂ ਲੜੇਗਾ ਅਕਾਲੀ ਦਲ: ਡਾ.ਚੀਮਾ ਨੇ ਕੋਰ ਕਮੇਟੀ ਦੀ ਮੀਟਿੰਗ ਚ ਕੀਤਾ ਐਲਾਨ



ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਦੇ ਅੰਮ੍ਰਿਤਸਰ ਚ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਅਸਫਲ ਕੋਸ਼ਿਸ਼ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਅੱਜ ਚੰਡੀਗੜ੍ਹ ਚ ਕੋਰ ਕਮੇਟੀ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਵਿੱਚ ਡਾ: ਦਲਜੀਤ ਸਿੰਘ ਚੀਮਾ ਨੇ ਪਾਰਟੀ ਵੱਲੋਂ ਨਗਰ ਨਿਗਮ ਚੋਣਾਂ ਲੜਨ ਦਾ ਐਲਾਨ ਕੀਤਾ ਹੈ। ਜਦੋਂ ਕਿ ਪਿਛਲੇ ਮਹੀਨੇ ਹੋਈਆਂ ਉਪ ਚੋਣ ਨਾ ਲੜਨ ਦਾ ਫੈਸਲਾ ਕੀਤਾ ਗਿਆ ਸੀ।

ਇਸ ਮੀਟਿੰਗ ਤੋਂ ਪਹਿਲਾਂ ਅੱਜ ਬਾਅਦ ਦੁਪਹਿਰ ਅੰਮ੍ਰਿਤਸਰ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲਣ ਆਏ। ਕਰੀਬ ਇੱਕ ਘੰਟੇ ਤੱਕ ਦੋਵਾਂ ਵਿਚਾਲੇ ਗੱਲਬਾਤ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 9 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਮੀਟਿੰਗ ਬੁਲਾਈ ਹੈ।

ਅੱਜ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਡਾ: ਦਲਜੀਤ ਸਿੰਘ ਚੀਮਾ ਨੇ ਐਲਾਨ ਕੀਤਾ ਹੈ ਕਿ ਆਉਣ ਵਾਲੀਆਂ 4 ਨਗਰ ਨਿਗਮ ਅਤੇ 45 ਨਿਗਮ ਚੋਣਾਂ ਲਈ ਅਕਾਲੀ ਦਲ ਆਪਣੇ ਉਮੀਦਵਾਰ ਖੜ੍ਹੇ ਕਰੇਗਾ।

# ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਦੀ ਨਿਖੇਧੀ




ਗੁਰਦਾਸਪੁਰ-ਨਵਨੀਤ ਕੁਮਾਰ -
ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਿਤ ਜਿਲ੍ਹਾ ਗੁਰਦਾਸਪੁਰ ਦੀਆਂ ਜਥੇਬੰਦੀਆਂ ਦੇ ਆਗੂਆਂ ਨੇ ਕਿਸਾਨਾਂ ਨੂੰ ਸ਼ੰਭੂ ਬਾਰਡਰ ਤੋਂ ਦਿੱਲੀ ਜਾਣ ਲਈ ਰੋਕਣਾ ਬਹੁਤ ਹੀ ਗੈਰ ਜਮਹੂਰੀ ਦੱਸਿਆ ਹੈ। ਇਸ ਦੇ ਬਹੁਤ ਗੰਭੀਰ ਸਿੱਟੇ ਨਿਕਲਣਗੇ।ਇਹ ਜੁਲਮ ਹੈ । ਐਸੀ ਹਾਲਤ ਵਿੱਚ ਜਦ ਕਿ ਕਿਸਾਨ ਪੈਦਲ ਦਿੱਲੀ ਜਾਣਾ ਚਾਹੁੰਦੇ ਸਨ ਕੋਈ ਉਹਨਾਂ ਕੋਲ ਨਾ ਹਥਿਆਰ ਤੇ ਨਾ ਟਰੈਕਟਰ ਟਰਾਲੀਆਂ ਸਨ ਉਹਨਾਂ ਨੂੰ ਕੇਂਦਰ ਸਰਕਾਰ ਦੀ ਸ਼ਹਿ ਤੇ ਹਰਿਆਣਾ ਸਰਕਾਰ ਵੱਲੋਂ ਰੋਕਣਾ ਕਿਸੇ ਤਰ੍ਹਾਂ ਦੀ ਵਾਜਬ ਨਹੀਂ ਸਮਝਿਆ ਜਾ ਸਕਦਾ। ਇਹ ਕਿਸਾਨਾਂ ਦਾ ਜਮਹੂਰੀ ਅਤੇ ਸੰਵਿਧਾਨਕ ਹੱਕ ਹੈ। ਹੱਕਾਂ ਲਈ ਪੁਰ ਅਮਨ ਸੰਘਰਸ਼ ਕਰਨਾ ਹਰ ਕਿਸੇ ਹੱਕ ਹੈ ਜਦਕਿ ਕਿਸਾਨ ਲੰਬੇ ਸਮੇਂ ਤੋਂ ਆਪਣੇ ਹੱਕਾਂ ਦੀ ਲੜਾਈ ਲੜ ਰਹੇ ਹਨ ਇਸ ਸਬੰਧੀ ਗੱਲ ਕਰਦਿਆਂ ਕਿਸਾਨ ਆਗੂਆਂ ਹਰਜੀਤ ਸਿੰਘ ਕਾਹਲੋਂ ਮੱਖਣ ਸਿੰਘ ਕੁਹਾੜ ਤਰਲੋਕ ਸਿੰਘ ਬਹਿਰਾਮਪੁਰ ਸੁਖਦੇਵ ਸਿੰਘ ਭਾਗੋਕਾਵਾਂ ਗੁਰਵਿੰਦਰ ਸਿੰਘ ਜੀਵਨ ਚੱਕ ਰਾਜ ਗੁਰਵਿੰਦਰ ਸਿੰਘ ਲਾਡੀ ਬਲਵਿੰਦਰ ਸਿੰਘ ਔਲਖ ਪਲਵਿੰਦਰ ਸਿੰਘ ਮਠੋਲਾ ਕਸ਼ਮੀਰ ਸਿੰਘ ਤੁਗਲਵਾਲ ਸਤਬੀਰ ਸਿੰਘ ਸੁਲਤਾਨੀ ਅਸ਼ਵਨੀ ਕੁਮਾਰ ਲਖਣ ਕਲਾਂ ਬਲਬੀਰ ਸਿੰਘ ਕੱਤੋਵਾਲ ਬਲਬੀਰ ਸਿੰਘ ਬੈਂਸ ਕਰਨੈਲ ਸਿੰਘ ਸ਼ੇਰਪੁਰ ਗੁਰਦੀਪ ਸਿੰਘ ਮੁਸਤਫਾਬਾਦ ਆਦਿ ਨੇ ਆਖਿਆ ਕਿ ਕਿਸਾਨ ਐਮਐਸਪੀ ਦੀ ਗਰੰਟੀ ਦਾ ਕਾਨੂੰਨ ਚਾਹੁੰਦੇ ਹਨ ਇਸ ਵਾਰ ਗਰੰਟੀ ਨਾ ਹੋਣ ਕਰਕੇ ਪੰਜਾਬ ਵਿੱਚ ਝੋਨਾ ਬਹੁਤ ਬੁਰੀ ਤਰ੍ਹਾਂ ਰੁਲਿਆ ਹੈ। ਇਸੇ ਤਰ੍ਹਾਂ ਬਿਜਲੀ ਸੋਧ ਬਿਲ ਮਜ਼ਦੂਰਾਂ ਦੇ 44 ਮਜ਼ਦੂਰ ਪੱਖੀ ਕਾਨੂੰਨ ਖਤਮ ਕਰਕੇ ਉਹਨਾਂ ਦੀ ਥਾਂ ਤੇ ਚਾਰ ਸਿਵਲ ਕੋਡ ਬਣਾ ਦਿੱਤੇ ਹਨ ਅਤੇ ਦਿਹਾੜੀ 12 ਘੰਟੇ ਕਰ ਦਿੱਤੀ ਹੈ । ਦੇਸ਼ ਦੇ ਹਰ ਨਾਗਰਿਕ ਨੂੰ 10 ਹਜਾਰ ਰੁਪਏ ਮਾਸਕ ਬੁਢਾਪਾ ਪੈਨਸ਼ਨ ਦੇਣੀ ਬਣਦੀ ਹੈ। ਪਰੰਤੂ ਸਰਕਾਰ ਮੰਗਾਂ ਮੰਨਣ ਦੀ ਬਜਾਏ ਜ਼ਬਰ ਢਾਹ ਰਹੀ ਹੈ। ਇਹ ਜ਼ੁਲਮ ਸਹਿਣ ਨਹੀਂ ਕੀਤਾ ਜਾ ਸਕਦਾ । ਸਭ ਮਸਲਿਆਂ ਲਈ ਕਿਸਾਨ ਚਿਰਾਂ ਤੋਂ ਜੂਝਦੇ ਆ ਰਹੇ ਹਨ ਭਾਵੇਂ ਕਿ ਕਾਲੇ ਕਾਨੂੰਨ ਰੱਦ ਕਰਾ ਕੇ ਕਿਸਾਨਾਂ ਨੇ ਬਹੁਤ ਵੱਡੀ ਜਿੱਤ ਪ੍ਰਾਪਤ ਕੀਤੀ ਹੈ ਪਰੰਤੂ ਉਹ ਸਮੇਂ ਜੋ ਲਿਖਤੀ ਰੂਪ ਵਿੱਚ ਮੋਦੀ ਸਰਕਾਰ ਨੇ ਵਾਅਦੇ ਕੀਤੇ ਸਨ ਉਹਨਾਂ ਤੋਂ ਸਰਕਾਰ ਮੁੱਕਰ ਗਈ ਹੈ ਐਸੀ ਹਾਲਤ ਵਿੱਚ ਕਿਸਾਨਾਂ ਨੂੰ ਦਿੱਲੀ ਨਾ ਜਾਣ ਦੇਣਾ ਬਹੁਤ ਹੀ ਖਤਰਨਾਕ ਰੁਝਾਨ ਹੈ । ਇਸ ਦੇ ਸਿੱਟੇ ਚੰਗੇ ਨਹੀਂ ਨਿਕਲਣਗੇ। ਸੰਯੁਕਤ ਕਿਸਾਨ ਮੋਰਚੇ ਜਿਲਾ ਗੁਰਦਾਸਪੁਰ ਦੇ ਆਗੂਆਂ ਨੇ ਇਸ ਸਬੰਧੀ ਸਰਕਾਰ ਦੀ ਪੁਰਜੋਰ ਨਿਖੇਧੀ ਕੀਤੀ ਹੈ ਅਤੇ ਚੇਤਾਵਨੀ ਦਿੱਤੀ ਹੈ ਕਿ ਸਰਕਾਰ ਨੂੰ ਭੁਲੇਖਾ ਦੂਰ ਕਰ ਦੇਣਾ ਚਾਹੀਦਾ ਹੈ ਕਿ ਉਹ ਇਸ ਤਰਾਂ ਲੋਕਾਂ ਦੇ ਜਮਹੂਰੀ ਹੱਕ ਦਬਾ ਕੇ ਕਿਸਾਨਾਂ ਦੇ ਰੋਹ ਨੂੰ ਦਬਾ ਲਵੇਗੀ। ਉਹਨਾਂ ਕਿਹਾ ਕਿ ਕਿਸਾਨ ਮਜ਼ਦੂਰ ਇੱਕ ਮੁੱਠ ਹੋ ਕੇ ਲੜਾਈ ਲੜ ਰਹੇ ਹਨ ਅਤੇ ਇਸ ਦਾ ਢੁਕਵਾਂ ਜਵਾਬ ਦਿੱਤਾ ਜਾਵੇਗਾ।

# ਗਾਂ ਨੇ ਜਿਤਾਇਆ ਸੋਨਾਲਿਕਾ ਟਰੈਕਟਰ



ਮੋਹਾਲੀ , (ਲੋਕ ਬਾਣੀ)-ਆਰ. ਸੀ. ਬੀ. ਏ. ਨੈਸ਼ਨਲ ਡੇਅਰੀ ਐਂਡ ਐਗਰੀ ਐਕਸਪੋਰੋ 2024 ਵੱਲੋਂ ਪਹਿਲਾ ਪਸ਼ੂ ਮੇਲਾ ਪਿੰਡ ਟੋਪਰੀਆ ਹਨੂਗੜ੍ਹ ਰਾਜਸਥਾਨ ਵਿਖੇ 1 ਤੋਂ 3 ਦਸੰਬਰ ਤੱਕ ਕਰਵਾਇਆ ਗਿਆ। ਮੇਲੇ ਵਿੱਚ ਦੇਸ਼ ਭਰ ਤੋਂ ਪਸ਼ੂਆਂ ਨੇ ਸ਼ਮੂਲੀਅਤ ਕੀਤੀ। ਇਸ ਮੇਲੇ ਵਿੱਚ ਵੱਖ-ਵੱਖ ਤਰ੍ਹਾਂ ਦੇ ਪਸ਼ੂਆਂ ਦੇ ਦੁੱਧ ਚੁਆਈ ਅਤੇ ਨਸਲ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪੰਜਾਬ ਤੋਂ ਐੱਚ. ਐੱਫ਼. ਗਾਂ ਬੈਂਸ ਡੇਅਰੀ ਭਾਨ ਮਜਾਰਾ ਨੇ 63 ਕਿੱਲੋ ਗ੍ਰਾਮ ਦੁੱਧ ਦੇ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਮੇਲਾ ਪ੍ਰਬੰਧਕਾਂ ਵੱਲੋਂ ਗਾਂ ਦੇ ਮਾਲਕ ਸ. ਚਮਨ ਸਿੰਘ ਭਾਨ ਮਜਾਰਾ ਨੂੰ ਸੋਨਾ ਲੀਕਾ ਟਰੈਕਟਰ 730 ਦੇ ਕੇ ਸਨਮਾਨਤ ਕੀਤਾ ਗਿਆ। ਭਾਨ ਮਜਾਰਾ ਨੇ ਦੱਸਿਆ ਕਿ ਮੇਲੇ ਵਿੱਚ ਕ੍ਰਿਸ਼ਨਾ ਡੇਅਰੀ ਦੀ ਗਾਂ ਨੇ 61 ਕਿੱਲੋ 900 ਗ੍ਰਾਮ ਦੁੱਧ ਦੇ ਕੇ ਦੂਸਰਾ ਅਤੇ ਤੀਸਰੇ ਨੰਬਰ ਵਾਲੀ ਗਾਂ ਨੇ 60 ਕਿੱਲੋ ਦੁੱਧ ਦੇ ਕੇ ਆਪਣਾ ਇਨਾਮ ਪ੍ਰਾਪਤ ਕੀਤਾ। ਚਮਨ ਸਿੰਘ ਨੇ ਦੱਸਿਆ ਕਿ ਉਹ ਦੇਸ਼ ਪੱਧਰ ਦੇ ਮੇਲਿਆਂ ਵਿਚੋਂ ਪਹਿਲਾਂ ਵੀ ਕਈ ਇਨਾਮ ਜਿੱਤ ਚੁੱਕੇ ਹਨ। ਇਸ ਮੌਕੇ ਤੇ ਉਨ੍ਹਾਂ ਨਾਲ ਰਾਜਸਥਾਨ ਪ੍ਰਬੰਧਕ ਕਮੇਟੀ ਤੋਂ ਇਲਾਵਾ ਦਇਆ ਰਾਮ ਸੀਲੂ, ਪ੍ਰਿਤਪਾਲ ਸਿੰਘ, ਗੁਰਪ੍ਰੀਤ ਸਿੰਘ, ਮੱਖਣ ਸਿੰਘ ਕਿਸਨਪੁਰਾ, ਕੁਲਵੀਰ ਸਿੰਘ ਇਟਲੀ, ਮੱਖਣ ਸਿੰਘ ਹੰਸਰੋਂ ਆਦਿ ਹਾਜ਼ਰ ਸਨ।

# ਕਾਨਪੁਰ ਚ ਗੋਲੀ ਲੱਗਣ ਕਾਰਨ ਵਿਦਿਆਰਥੀ ਦੀ ਮੌਤ ਦਾ ਕਾਰਨ ਪ੍ਰੇਮ ਪ੍ਰਸੰਗ: ਕਤਲ ਦਾ ਸ਼ੱਕ ਜਤਾਉਂਦਿਆਂ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।




ਕਾਨਪੁਰ (ਸੁਨੀਲ ਬਾਜਪਾਈ) ਇਸ ਮਹਾਂਨਗਰ ਵਿੱਚ ਪ੍ਰੇਮ ਸਬੰਧਾਂ ਕਾਰਨ ਕਤਲ ਅਤੇ ਖੁਦਕੁਸ਼ੀਆਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਕਾਰਨ ਇੱਕ ਹੋਰ ਵਿਦਿਆਰਥੀ ਦੀ ਸ਼ੱਕੀ ਹਾਲਾਤਾਂ ਵਿੱਚ ਗੋਲੀ ਲੱਗਣ ਕਾਰਨ ਮੌਤ ਹੋ ਗਈ।

ਫੋਰੈਂਸਿਕ ਟੀਮ ਅਤੇ ਡੌਗ ਸਕੁਐਡ ਨੇ ਵੀ ਮੌਕੇ ਤੋਂ ਸਬੂਤ ਇਕੱਠੇ ਕੀਤੇ ਹਨ। ਪੁਲਸ ਨੇ ਘਰ ਚੋਂ ਇਕ ਪਿਸਤੌਲ ਅਤੇ ਕਾਰਤੂਸ ਵੀ ਬਰਾਮਦ ਕੀਤੇ ਹਨ।

ਮਾਮਲੇ ਚ ਵਿਦਿਆਰਥੀ ਦੇ ਕਥਿਤ ਪਿਤਾ ਅਤੇ ਭਰਾ ਦੇ ਬਿਆਨਾਂ ਚ ਵਿਰੋਧਾਭਾਸ ਹੋਣ ਕਾਰਨ ਘਟਨਾ ਦਾ ਕਾਰਨ ਪ੍ਰੇਮ ਸਬੰਧਾਂ ਨੂੰ ਵੀ ਮੰਨਿਆ ਜਾ ਰਿਹਾ ਹੈ। ਦੂਜੇ ਪਾਸੇ ਪਰਿਵਾਰਕ ਮੈਂਬਰਾਂ ਨੇ ਇਸ ਘਟਨਾ ਨੂੰ ਖੁਦਕੁਸ਼ੀ ਦੱਸਿਆ ਹੈ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ 11ਵੀਂ ਜਮਾਤ ਦੀ ਇਸ ਵਿਦਿਆਰਥਣ ਨੇ ਖੁਦ ਆਪਣੇ ਪੇਟ ਤੇ ਗੋਲੀ ਚਲਾਈ ਜਾਂ ਕਿਸੇ ਨੇ ਗੋਲੀ ਮਾਰੀ। ਫਿਲਹਾਲ ਪੁਲਿਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

ਇਹ ਘਟਨਾ ਬਿਧਨੂ ਦੇ ਜਾਮੂ ਪਿੰਡ ਦੀ ਹੈ। ਇੱਥੇ ਰਹਿਣ ਵਾਲਾ ਵਿਨੈ ਸਿੰਘ ਚੰਦੇਲ ਇੱਕ ਵਕੀਲ ਦੇ ਦਫ਼ਤਰ ਵਿੱਚ ਕਲਰਕ ਹੈ। ਉਸ ਦੀ ਬੇਟੀ ਸ਼੍ਰੇਆ (16) ਦੀ ਘਰ ਦੇ ਅੰਦਰ ਹੀ ਸ਼ੱਕੀ ਹਾਲਾਤਾਂ ਚ ਗੋਲੀ ਲੱਗਣ ਨਾਲ ਮੌਤ ਹੋ ਗਈ। ਪੁਲੀਸ ਨੇ ਇਸ ਸਬੰਧੀ ਪਿੰਡ ਵਾਸੀਆਂ ਨਾਲ ਵੀ ਗੱਲਬਾਤ ਕੀਤੀ। ਜਿਸ ਵਿੱਚ ਇਹ ਗੱਲ ਸਾਹਮਣੇ ਆਈ ਕਿ ਵਿਦਿਆਰਥੀ ਦੀ ਉਸੇ ਪਿੰਡ ਦੇ ਹੀ ਇੱਕ ਨੌਜਵਾਨ ਨਾਲ ਦੋਸਤੀ ਸੀ। ਜਦੋਂ ਉਨ੍ਹਾਂ ਦੇ ਪ੍ਰੇਮ ਸਬੰਧਾਂ ਦਾ ਪਤਾ ਲੱਗਾ ਤਾਂ ਲੜਕੀ ਦੇ ਪਿਤਾ ਨੇ ਲੜਕੇ ਦੇ ਪਰਿਵਾਰ ਤੇ ਦਬਾਅ ਪਾਇਆ। ਉਨ੍ਹਾਂ ਵਿਚਕਾਰ ਲੜਾਈ ਵੀ ਹੋਈ।


ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਤੋਂ ਬਾਅਦ ਲੜਕੇ ਦਾ ਪਰਿਵਾਰ ਔਰੀਆ ਵਿਖੇ ਸ਼ਿਫਟ ਹੋ ਗਿਆ। ਪਰਿਵਾਰ ਕਰੀਬ 4 ਮਹੀਨੇ ਪਹਿਲਾਂ ਪਿੰਡ ਪਰਤਿਆ ਸੀ। ਇਸ ਤੋਂ ਬਾਅਦ ਦੋਵਾਂ ਪਰਿਵਾਰਾਂ ਵਿਚਾਲੇ ਇਕ ਵਾਰ ਫਿਰ ਤਣਾਅ ਵਧ ਗਿਆ। ਪਿੰਡ ਦੇ ਲੋਕਾਂ ਨੇ ਦੱਸਿਆ ਕਿ ਹੁਣ ਇੱਕ ਵਾਰ ਫਿਰ ਲੜਕਾ-ਲੜਕੀ ਦੀ ਮਿਲਣੀ ਸ਼ੁਰੂ ਹੋ ਗਈ ਹੈ। ਇਸ ਤੋਂ ਬਾਅਦ ਪੁਲਿਸ ਨੇ ਲੜਕੀ ਦੇ ਪਰਿਵਾਰਕ ਮੈਂਬਰਾਂ ਨਾਲ ਵੱਖਰੇ ਤੌਰ ਤੇ ਗੱਲ ਕੀਤੀ। ਜਿਸ ਵਿੱਚ ਲੜਕੀ ਦੀ ਮਾਂ ਨੇ ਦੱਸਿਆ ਕਿ ਘਰ ਦੇ ਬਾਹਰ ਦੁਕਾਨ ਵਿੱਚ ਗੋਲੀ ਲੱਗੀ ਸੀ। ਪਿਤਾ ਦਾ ਕਹਿਣਾ ਹੈ ਕਿ ਘਰ ਦੇ ਅੰਦਰ ਗੋਲੀ ਚਲਾਈ ਗਈ ਸੀ। ਜਦੋਂਕਿ ਭਰਾ ਵਾਰ-ਵਾਰ ਆਪਣੇ ਬਿਆਨ ਬਦਲਦਾ ਰਿਹਾ। ਇਹੀ ਕਾਰਨ ਹੈ ਕਿ ਘਟਨਾ ਸ਼ੱਕੀ ਹੋਣ ਕਾਰਨ ਪੁਲਸ ਪੂਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

# ਖਰੜ ਪੁਲਸ ਨੇ ਮੋਬਾਇਲ ਸਨੈਚ ਕਰਨ ਵਾਲੇ 3 ਵਿਅਕਤੀਆਂ ਨੂੰ ਕੀਤਾ ਕਾਬੂ

ਖਰੜ, (ਕਾਲਾ ਸਿੰਘ ਸੈਣੀ )- ਖਰੜ ਪੁਲਸ ਨੇ ਮੋਬਾਇਲ ਸਨੈਚਿੰਗ ਕਰਨ ਤੇ ਚੋਰੀ ਕਰਨ ਵਾਲੇ ਗਿਰੋਹ ਦੇ 3 ਮੈਂਬਰਾਂ ਨੂੰ ਗਿ□ਫਤਾਰ ਕਰਨ ਵਿਚ ਸਫ਼ਲਤਾ ਹਾਸਿਲ ਕੀਤੀ ਹੈ। ਇਸ ਸਬੰਧੀ ਪ੍ਰੈਸ ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਖਰੜ-1 ਕਰਨ ਸਿੰਘ ਸੰਧੂ ਨੇ ਦੱਸਿਆ ਕਿ ਐਸ.ਐਚ .ਓ ਪੈਰੀਵਿਕੰਲ ਗਰੇਵਾਲ ਮੁੱਖ ਅਫਸਰ ਥਾਣਾ ਸਿਟੀ ਖਰੜ ਦੀ ਅਗਵਾਈ 'ਚ ਏ.ਐਸ. ਆਈ. ਦਲਜੀਤ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਮੁਖਬਰ ਖਾਸ ਦੀ ਇਤਲਾਹ 'ਤੇ ਖਰੜ ਏਰੀਏ ਵਿਚ ਮੋਬਾਇਲ ਖੋਹਣ ਵਾਲੇ 3 ਵਿਅਕਤੀਆਂ ਨੂੰ ਕਾਬੂ ਕੀਤਾ ਹੈ ਜਿਨ੍ਹਾਂ ਪਾਸੋਂ ਤਫਤੀਸ਼ ਦੌਰਾਨ 51 ਖੋਹ ਕੀਤੇ ਮੋਬਾਇਲ ਫੋਨ ਅਤੇ 03 ਚੋਰੀਸੁਦਾ ਮੋਟਰਸਾਇਕਲ ਮਾਰਕਾ (02 ਪਲੈਟੀਨਾ ਅਤੇ 01 ਸਪਲੈਂਡਰ ਪਲੱਸ) ਬਰਾਮਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਦੀ ਪਹਿਚਾਣ ਗੌਰਵ ਕੁਮਾਰ ਵਾਸੀ ਕੁਰਾਲੀ, ਭੁਪਿੰਦਰ ਸਿੰਘ ਵਾਸੀ ਕੁਰਾਲੀ ਅਤੇ ਨਿਤੀਸ਼ ਕੁਮਾਰ ਵਾਸੀ ਕੁਰਾਲੀ ਵੱਜੋਂ ਹੋਈ ਹੈ, ਜਿਨ੍ਹਾਂ ਖਿਲਾਫ਼ ਧਾਰਾ 304(2), 317(2), 303(2) ਬੀ.ਐਨ.ਐਸ. ਥਾਣਾ ਸਿਟੀ ਖਰੜ ਵਿਚ ਮਕੱਦਮਾ ਦਰਜ਼ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਉਕਤ ਦੋਸ਼ੀਆਂ ਵੱਲੋਂ ਇਕ ਵਿਆਹ ਸਮਾਗਮ ਦੌਰਾਨ ਇਕ ਔਰਤ ਤੋਂ ਵੀ ਮੋਬਾਇਲ ਫੋਨ ਖੋਹਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਦੇ ਫੜੇ ਜਾਣ 'ਤੇ ਥਾਣਾ ਸਿਟੀ ਖਰੜ ਦੇ 4 ਮਕੱਦਮੇ ਵੀ ਟਰੇਸ ਹੋ ਗਏ ਹਨ। ਉਨ੍ਹਾਂ ਕਿਹਾ ਕਿ ਉਕਤ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੇ ਮਾਣਯੋਗ ਅਦਾਲਤ ਨੇ ਇਨ੍ਹਾਂ ਨੂੰ 4 ਦਿਨ ਦੇ ਪੁਲਸ ਰਿਮਾਂਡ 'ਤੇ ਭੇਜ਼ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀਆਂ ਦੇ ਮੁਕੱਦਮਿਆਂ ਦੀ ਡੂੰਘਾਈ ਨਾਲ ਤਫਤੀਸ਼ ਜਾਰੀ ਹੈ, ਇਨ੍ਹਾਂ ਪਾਸੋਂ ਹੋਰ ਵੀ ਬ੍ਰਾਮਦਗੀ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਮੋਬਾਇਲ ਫੋਨਾਂ ਨੂੰ ਉਨ੍ਹਾਂ ਦੇ ਮਾਲਕਾਂ ਨੂੰ ਦਿੱਤਾ ਜਾਵੇਗਾ।



# ਅਮਰ ਨੂਰੀ ਫਿਰ ਪਰਦੇ ਤੇ ਨਜ਼ਰ ਆਵੇਗੀ - ਫਿਲਮਾਂ ਦੇ ਨਾਲ ਸੰਗੀਤ ਪ੍ਰੇਮੀਆਂ ਲਈ ਵੀ ਕੁੱਝ ਨਵਾਂ ਲਿਆਵੇਗੀ



ਮੋਹਾਲੀ , (ਲੋਕ ਬਾਣੀ) ਲੋਕਾਂ ਦੀ ਹਰਮਨ ਪਿਆਰੀ ਗਾਇਕਾ ਅਮਰ ਨੂਰੀ ਨੇ ਜਿੱਥੇ ਗਾਇਕੀ ਵਿਚ ਉੱਚਾ ਮੁਕਾਮ ਹਾਸਲ ਕੀਤਾ ਹੈ, ਉੱਥੇ ਫਿਲਮੀ ਪਰਦੇ 'ਤੇ ਵੀ ਅਦਾਕਾਰਾ ਵਜੋਂ ਵੱਖਰੀ ਪਛਾਣ ਸਥਾਪਤ ਕੀਤੀ ਹੋਈ ਹੈ। ਦਲੀਪ ਕੌਰ ਟਿਵਾਣਾ ਦੇ ਨਾਵਲ 'ਏਹੋ ਹਮਾਰਾ ਜੀਵਣਾ' 'ਤੇ ਆਧਾਰਿਤ ਟੀ.ਵੀ. ਸੀਰੀਅਲ ਤੋਂ ਅਦਾਕਾਰੀ ਦੇ ਖੇਤਰ ਨਾਲ ਜੁੜੀ ਅਮਰ ਨੂਰੀ ਨੇ ਦਰਜਨਾਂ ਪੰਜਾਬੀ ਫਿਲਮਾਂ ਵਿਚ ਯਾਦਗਾਰੀ ਕਿਰਦਾਰ ਨਿਭਾਏ ਹਨ। ਇਨ੍ਹਾਂ ਵਿਚ 'ਬਦਲਾ ਜੱਟੀ ਦਾ', 'ਵਿਸਾਖੀ', 'ਦਿਲ ਦਾ ਮਾਮਲਾ', 'ਪੰਚਾਇਤ', 'ਜੀ ਆਇਆਂ ਨੂੰ', 'ਮੇਲ ਕਰਾ ਦੇ ਰੱਬਾ', 'ਡੈਡੀ ਕੂਲ ਮੁੰਡੇ ਫੂਲ' ਆਦਿ ਜ਼ਿਕਰਯੋਗ ਫਿਲਮਾਂ ਹਨ।

ਭਾਵੇਂ ਕੁਝ ਵਰ੍ਹੇ ਪਹਿਲਾਂ ਸਰਦੂਲ ਸਿਕੰਦਰ ਦੇ ਵਿਛੋੜੇ ਨੇ ਨੂਰੀ ਨੂੰ ਧੁਰ ਅੰਦਰ ਤੱਕ ਝੰਜੋੜ ਕੇ ਰੱਖ ਦਿੱਤਾ ਸੀ ਪਰ ਸਮੇਂ ਦੇ ਨਾਲ ਚੱਲਦਿਆਂ ਉਸ ਨੇ ਆਪਣੇ ਪਰਿਵਾਰ ਨੂੰ ਮੁੜ ਸੰਭਾਲਿਆ। ਆਪਣੇ ਬੱਚਿਆਂ ਸਾਰੰਗ-ਅਲਾਪ ਅਤੇ ਕਲਾ ਵਿੱਚ ਹੀ ਉਸ ਨੇ ਸਰਦੂਲ ਨੂੰ ਅੰਗ-ਸੰਗ ਮਹਿਸੂਸ ਕਰਦਿਆਂ ਜ਼ਿੰਦਗੀ ਜਿਊਣ ਦਾ ਯਤਨ ਕੀਤਾ ਹੈ। ਬਹੁਤ ਜਲਦੀ ਉਹ ਪਰਵਾਸੀ ਪੰਜਾਬੀਆਂ ਦਾ ਸੱਚ ਪੇਸ਼ ਕਰਦੀ ਫਿਲਮ 'ਵੱਡਾ ਘਰ' ਵਿਚ ਨਾਮੀ ਅਦਾਕਾਰ ਸਰਦਾਰ ਸੋਹੀ ਨਾਲ ਨਜ਼ਰ ਆਵੇਗੀ ।

ਨੂਰੀ ਨੇ ਦੱਸਿਆ ਕਿ ਇਹ ਫਿਲਮ ਵਿਦੇਸ਼ਾਂ ਵਿਚ ਰਹਿੰਦੇ ਪੰਜਾਬੀਆਂ ਦੀ ਜ਼ਿੰਦਗੀ ਦੇ ਸਰੋਕਾਰਾਂ ਨਾਲ ਜੁੜੀ ਹੋਈ ਹੈ। ਫਿਲਮ ਆਪਣੇ ਸਿਰਲੇਖ ਵਾਂਗ ਹੀ ਵੱਡੇ ਘਰ-ਪਰਿਵਾਰ ਦੇ ਗੂੜ੍ਹੇ ਰਿਸ਼ਤਿਆਂ ਦੀ ਅਹਿਮੀਅਤ ਵਿਚਲੀ ਅਣਬਣ, ਫ਼ਿਕਰ, ਸੰਘਰਸ਼ ਅਤੇ ਵਿਚਾਰ ਧਾਰਾਵਾਂ ਦੇ ਫ਼ਰਕ ਅਤੇ ਪੰਜਾਬ ਦੇ ਮੁੱਖ ਮੁੱਦੇ ਪੇਸ਼ ਕਰੇਗੀ। ਇਹ ਜਿੱਥੇ ਦਰਸ਼ਕਾਂ ਨੂੰ ਇੱਕ ਚੰਗਾ ਸਮਾਜਿਕ ਸੰਦੇਸ਼ ਦੇਵੇਗੀ, ਉੱਥੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿਣ, ਬਜ਼ੁਰਗਾਂ ਦਾ ਸਤਿਕਾਰ ਕਰਨ ਦੀ ਨਸੀਹਤ ਵੀ ਦੇਵੇਗੀ। ਇਸ ਫਿਲਮ ਨੂੰ ਗੀਤਕਾਰ ਜਸਬੀਰ ਗੁਣਾਚੌਰੀਆ ਨੇ ਲਿਖਿਆ ਹੈ। ਇਸ ਦੇ ਨਿਰਮਾਤਾ ਸੰਦੀਪ ਸਿੰਘ ਧੰਜਲ (ਲਾਡੀ) ਅਤੇ ਮਨਿੰਦਰ ਸਿੰਘ ਕੰਵਲ (ਰੌਬ ਕੰਵਲ) ਹਨ। ਕਮਲਜੀਤ ਸਿੰਘ ਅਤੇ ਗੋਲਡੀ ਢਿੱਲੋਂ ਨੇ ਇਸ ਨੂੰ ਨਿਰਦੇਸ਼ਿਤ ਕੀਤਾ ਹੈ। ਇਸ ਵਿਚ ਜੋਬਨ ਪ੍ਰੀਤ, ਮੈਂਡੀ ਤੱਖਰ, ਭਿੰਦਾ ਔਜਲਾ, ਸਰਦਾਰ ਸੋਹੀ, ਨਿਰਮਲ ਰਿਸ਼ੀ, ਅਮਰ ਨੂਰੀ, ਰਵਿੰਦਰ ਮੰਡ, ਕਵਲੀਨ, ਸਤਵੰਤ ਕੌਰ, ਤਰਸੇਮ ਪੌਲ, ਬਲਵੀਰ ਬੋਪਾਰਾਏ, ਹਰਪ ਨਾਜ਼, ਜੋਤੀ ਅਰੋੜਾ, ਸੁਖਵਿੰਦਰ ਰੋਡੇ ਅਤੇ ਬਾਲ ਕਲਾਕਾਰ ਗੁਰਬਾਜ਼ ਸੰਧੂ ਨੇ ਅਹਿਮ ਕਿਰਦਾਰ ਨਿਭਾਏ ਹਨ। ਅਮਰ ਨੂਰੀ ਨੇ ਦੱਸਿਆ ਕਿ ਉਹ ਭਵਿੱਖ ਵਿਚ ਵੀ ਇਸੇ ਤਰ੍ਹਾਂ ਕਲਾ ਨੂੰ ਸਮਰਪਿਤ ਹੋ ਕੇ ਆਪਣੇ ਪ੍ਰਸ਼ੰਸਕਾਂ ਦੇ ਰੁਬਰੂ ਹੁੰਦੀ ਰਹੇਗੀ। ਫਿਲਮਾਂ ਦੇ ਨਾਲ ਨਾਲ ਉਹ ਜਲਦੀ ਹੀ ਆਪਣੇ ਸੰਗੀਤ ਪ੍ਰੇਮੀਆਂ ਲਈ ਵੀ ਕੁਝ ਨਵਾਂ ਲੈ ਕੇ ਆਵੇਗੀ।

# ਜਿਲ੍ਹੇ ਦੇ 4 ਮਿਡਲ ਸਕੂਲਾਂ ਵਿੱਚ ਮਾਈਂਡਸਪਾਰਕ ਲੈਬਾਂ ਨੂੰ ਕੀਤਾ ਸ਼ੁਰੂ

ਅੰਮ੍ਰਿਤਸਰ (ਲੋਕ ਬਾਣੀ)- ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਯੋਗ ਅਗਵਾਈ ਹੇਠ ਜਿਲ੍ਹਾ ਪ੍ਰਸਾਸ਼ਨ ਨੇ ਇਕ ਨਿਵੇਕਲੀ ਪਹਿਲਕਦਮੀ ਕਰਦੇ ਹੋਏ ਜਿਲ੍ਹੇ ਦੇ 4 ਮਿਡਲ ਸਕੂਲਾਂ ਵਿੱਚ ਮਾਈਂਡਸਪਾਰਕ ਲੈਬਾਂ ਦੀ ਸ਼ੁਰੂਆਤ ਕੀਤੀ ਹੈ, ਜਿਸ ਦਾ ਮੁੱਖ ਉਦੇਸ਼ ਬੱਚਿਆਂ ਦੀ ਰੂਚੀ ਨੂੰ ਉਭਾਰਨਾ ਅਤੇ ਉਨਾਂ ਦੀ ਮਾਨਸਿਕ ਸਥਿਤੀ ਨੂੰ ਹੋਰ ਮਜ਼ਬੂਤ ਕਰਨਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਸੂਬੇ ਭਰ ਦੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਮੁਹੱਈਆ ਹੋਵੇ, ਜਿਸ ਤਹਿਤ ਸਕੂਲ ਆਫ਼ ਐਮੀਨੈਂਸ ਵੀ ਖੋਲ੍ਹੇ ਗਏ ਹਨ।*∵ ਉਨਾਂ ਕਿਹਾ ਕਿ ਇਸੇ ਹੀ ਲੜ੍ਹੀ ਤਹਿਤ ਅੱਜ ਜਿਲ੍ਹਾ ਪ੍ਰਸ਼ਾਸ਼ਨ ਦਾ ਇਹ ਨਿਵੇਕਲਾ ਪ੍ਰੋਜੈਕਟ ਸਰਕਾਰੀ ਮਿਡਲ ਸਕੂਲ ਕੋਟ ਮਾਹਣਾ ਸਿੰਘ, ਗੁਰੂਨਾਨਕ ਪੁਰਾ , ਗੁੰਮਟਾਲਾ, ਅਤੇ ਸਰਕਾਰੀ ਮਿਡਲ ਸਕੂਲ ਭਰਾੜੀਵਾਲ ਵਿਖੇ ਸ਼ੁਰੂ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਹਰੇਕ ਸਕੂਲ ਵਿੱਚ ਪੰਜ-ਪੰਜ ਟੈਬ ਮੁਹੱਈਆ ਕਰਵਾਏ ਗਏ ਹਨ ਅਤੇ ਇਨਾਂ ਟੈਬਾਂ ਵਿੱਚ ਹਰੇਕ ਬੱਚੇ ਦੀ ਲਾਗਿਨ ਆਈ.ਡੀ. ਬਣਾਈ ਜਾਵੇਗੀ। ਉਨਾਂ ਦੱਸਿਆ ਕਿ ਇਸ ਤਰ੍ਹਾਂ ਬੱਚੇ ਆਪਣੀ ਲਾਗਿਨ ਆਈਨ ਸ਼ੁਰੂ ਕਰਕੇ ਸਭ ਤੋਂ ਪਹਿਲਾਂ ਆਪਣਾ ਟੈਸਟ ਦੇਣਗੇ, ਜੋ ਕਿ ਤਿੰਨ ਵਿਸ਼ਿਆਂ ਗਣਿਤ, ਵਿਗਿਆਨ ਅਤੇ ਪੰਜਾਬੀ ਵਿੱਚ ਹੋਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪਹਿਲਕਦਮੀ ਨਾਲ ਸਰਕਾਰੀ ਸਕੂਲਾਂ ਦੇ ਬੱਚੇ ਪ੍ਰਾਇਵੇਟ ਸਕੂਲਾਂ ਵਿਚਕਾਰ ਸਿੱਖਿਆ ਦੀ ਗੁਣਵੱਤਾ ਦੇ ਪਏ ਪਾੜ੍ਹੇ ਨੂੰ ਦੂਰ ਕਰਨ ਲਈ ਇਕ ਮਹੱਤਵਪੂਰਨ ਕਦਮ ਹੋਵੇਗਾ ਅਤੇ ਸਾਰੇ ਵਿਦਿਆਰਥੀਆਂ ਨੂੰ ਬਰਾਬਰ ਸਿੱਚਖਣ ਦੇ ਮੌਕੇ ਮਿਲਣਗੇ। ਉਨਾਂ ਦੱਸਿਆ ਕਿ ਹੌਲੀ ਹੌਲੀ ਇਹ ਪ੍ਰੋਜੈਕਟਰ ਜਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਸ਼ੁਰੂ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਮਾਈਂਡਸਪਾਰਕ ਨਾਲ ਇਕ



ਸਮਝੌਤਾ ਪੱਤਰ ਹਸਤਾਖ਼ਰ ਕੀਤਾ ਹੈ, ਜਿਸਦੇ ਸਹਿਯੋਗ ਨਾਲ ਸਕੂਲਾਂ ਵਿੱਚ ਫਲੈਗਸ਼ਿਪ ਮਾਈਂਡਸਪਾਰਕ ਸਾਫਟਵੇਅਰ ਨੂੰ ਤਾਇਨਾਤ ਕਰੇਗਾ।

ਇਨਾਂ ਲੈਬਾਂ ਦਾ ਉਦਘਾਟਨ ਵਿਧਾਇਕ ਡਾ.ਜਸਬੀਰ ਸਿੰਘ ਸੰਧੂ ਨੇ ਸਰਕਾਰੀ ਮਿਡਲ ਸਕੂਲ, ਗੁਰੂਨਾਨਕਪੁਰਾ ਅਤੇ ਗੁੰਮਟਾਲਾ ਵਿਖੇ ਕਰਦਿਆਂ ਕਿਹਾ ਕਿ ਇਸ ਨਾਲ ਬੱਚਿਆਂ ਨੂੰ ਵਧੇਰੇ ਰੋਚਕ ਜਾਣਕਾਰੀ ਮਿਲੇਗੀ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਸੂਬੇ ਭਰ ਦੇ ਬੱਚਿਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਪ੍ਰਧਾਨ ਕਰਨ ਲਈ ਵਚਨਬੱਧ ਅਤੇ ਅਤੇ ਇਸੇ ਹੀ ਲੜੀ ਤਹਿਤ ਸਕੂਲ ਆਫ਼ ਐਮੀਨੈਂਸ ਖੋਲ੍ਹੇ ਜਾ ਰਹੇ ਹਨ।

ਹਲਕਾ ਕੇਂਦਰੀ ਦੇ ਵਿਧਾਇਕ ਡਾ. ਅਜੈ ਗੁਪਤਾ ਨੇ ਸਰਕਾਰੀ ਮਿਡਲ ਸਕੂਲ ਭਰਾੜ੍ਹੀਵਾਲ ਇਨਾਂ ਲੈਬਾਂ ਦਾ ਉਦਘਾਟਨ ਕਰਦਿਆਂ ਕਿ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਵਾਂਗ ਗੁਣਵੱਤਾ ਭਰਪੂਰ ਸਿੱਖਿਆ ਹਾਸਿਲ ਕਰ ਸਕਣਗੇ। ਉਨਾਂ ਕਿਹਾ ਸਾਡੀ ਸਰਕਾਰ ਦਾ ਸ਼ੁਰੂ ਤੋਂ ਹੀ ਮੁੱਖ ਉਦੇਸ਼ ਰਿਹਾ ਹੈ ਕਿ ਸੂਬਾ ਵਾਸੀਆਂ ਨੂੰ ਸਿਹਤ ਅਤੇ ਸਿੱਖਿਆ ਵਰਗੀਆਂ ਮੁੱਢਲੀਆਂ ਸਹੂਲਤਾਂ ਜ਼ੂਰ ਮਿਲਣ। ਇਸੇ ਹੀ ਤਹਿਤ ਆਮ ਆਦਮੀ ਕਲੀਨਿਕ ਅਤੇ ਸਕੂਲ ਆਫ਼ ਐਮੀਨੈਂਸ ਖੋਲ੍ਹੇ ਹਨ।

ਸਰਕਾਰੀ ਮਿਡਲ ਸਕੂਲ ਕੋਟ ਮਾਹਣਾ ਸਿੰਘ ਵਿਖੇ ਲੈਬ ਦਾ ਉਦਘਾਟਨ ਕਰਦੇ ਹੋਏ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਇਸ ਆਧੁਨਿਕ ਢੰਗ ਨਾਲ ਬੱਚਿਆਂ ਨੂੰ ਸਿੱਖਿਆ ਦੇਨਾਲ ਵਿਦਿਅਕ ਨਤੀਜੇ ਚੰਗੇ ਆਉਣਗੇ। ਅਤੇ ਹਰੇਕ ਵਿਦਿਆਰਥੀਆਂ ਵਿਲੱਖਣ ਸਿੱਖਣ ਲੋੜਾਂ ਦੀ ਪੂਰਤੀ ਹੋਵੇਗੀ। ਉਨਾਂ ਕਿਹਾ ਕਿ ਇਸ ਨਾਲ ਵਿਦਿਆਰਥੀ ਚੁਣੌਤੀ ਦੇ ਸਹੀ ਪੱਧਰ ਨੂੰ ਪ੍ਰਾਪਤ ਕਰ ਸਕਣਗੇ। ਡਾ. ਨਿੱਜਰ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਵਿਦਿਆਰਥੀ ਵਿਦੇਸ਼ਾਂ ਵਿੱਚ ਜਾਣ ਨਾਲੋਂ ਆਪਣੇ ਸੂਬੇ ਵਿੱਚ ਹੀ ਰਹਿ ਕੇ ਪੜ੍ਹਾਈ ਅਤੇ ਨੌਕਰੀ ਪ੍ਰਾਪਤ ਕਰਨਗੇ।

## ਜਨਮ ਦਿਨ ਦੀਆਂ ਮੁਬਾਰਕਾਂ

ਰੀਸੈਂਟ ਟਾਈਮਜ਼ ਪਰਿਵਾਰ ਵੱਲੋਂ ਇਫਰਾ ਅਤੇ ਪਿਤਾ ਫਰਹਾਨ ਅਲੀ, ਮਾਤਾ ਇਕਰਾ ਪ੍ਰਵੀਨ ਨੂੰ ਜਨਮ ਦਿਨ ਦੀਆਂ ਲੱਖ ਲੱਖ ਮੁਬਾਰਕਾਂ



# ਫਾਇਰ ਸਟੇਸ਼ਨ ਇੰਡਸਟਰੀਅਲ ਏਰੀਆ ਫੇਜ਼ 1 ਵੱਲੋਂ ਵਿਦਿਆਰਥੀਆਂ ਨੂੰ ਅੱਗ ਤੋਂ ਬਚਾਅ ਸਬੰਧੀ ਸਿਖਲਾਈ ਦਿੱਤੀ

ਚੰਡੀਗੜ੍ਹ। (ਲੋਕ ਬਾਣੀ) ਫਾਇਰ ਵਿਭਾਗ ਦੇ ਫਾਇਰ ਸਟੇਸ਼ਨ ਇੰਡਸਟਰੀਅਲ ਏਰੀਆ ਫੇਜ਼ 1 ਵੱਲੋਂ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮ.ਡੀ.ਏ.ਵੀ ਭਵਨ, ਦਰੀਆ, ਚੰਡੀਗੜ੍ਹ ਦੇ ਵਿਦਿਆਰਥੀਆਂ ਨੂੰ ਅੱਗ ਤੋਂ ਬਚਾਅ ਸਬੰਧੀ ਸਿਖਲਾਈ ਦਿੱਤੀ ਗਈ। ਫਾਇਰ ਵਿਭਾਗ ਦੀ ਟੀਮ ਦੇ ਦੇਵੇਂਦਰ ਸਿਵਾਚ ਨੇ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਅੱਗ ਤੋਂ ਬਚਾਅ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜਿਸ ਜਗ੍ਹਾ ਤੇ ਅੱਗ ਲੱਗੀ ਹੈਫਾਇਰ ਪ੍ਰੋਟੈਕਸ਼ਨ ਕਰਮੀਆਂ ਦੇ ਨਾਲ-ਨਾਲ ਐਂਬੂਲੈਂਸ ਨੂੰ ਵੀ ਉੱਥੇ ਜਾਣ ਦੀ ਸੂਚਨਾ ਦਿੱਤੀ ਜਾਵੇ। ਜੇਕਰ ਕੋਈ ਵਿਅਕਤੀ ਅੱਗ ਨਾਲ ਝੁਲਸ ਜਾਂਦਾ ਹੈ, ਤਾਂ ਉਸ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਜਾਣਾ ਚਾਹੀਦਾ ਹੈ ਜਿੱਥੇ ਉਸ ਦਾ ਇਲਾਜ ਕੀਤਾ ਜਾ ਸਕਦਾ ਹੈ। ਦੇਵੇਂਦਰ ਸਿਵਾਚ ਨੇ ਕਿਹਾ ਕਿ ਸਾਨੂੰ ਅੱਗ ਤੋਂ ਬਚਣ ਦਾ ਤਰੀਕਾ ਪਹਿਲਾਂ ਤੋਂ ਹੀ ਸਿੱਖ ਲੈਣਾ ਚਾਹੀਦਾ ਹੈ। ਜਦੋਂ ਕਿਸੇ ਇਮਾਰਤ ਵਿੱਚ ਅੱਗ ਲੱਗ ਜਾਂਦੀ ਹੈ, ਤਾਂ ਹੇਠਾਂ ਜਾਣ ਲਈ ਲਿਫਟ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਸਾਨੂੰ ਪੌੜੀਆਂ ਰਾਹੀਂ ਹੇਠਾਂ ਆਉਣਾ ਚਾਹੀਦਾ ਹੈ ਅਤੇ ਉਸ ਇਮਾਰਤ ਵਿੱਚ ਰਹਿਣ ਵਾਲੇ ਲੋਕਾਂ ਨੂੰ ਛੋਟੇ ਸ਼ਬਦਾਂ ਵਿੱਚ ਅੱਗ ਬਾਰੇ ਸੂਚਿਤ ਕਰਨਾ ਚਾਹੀਦਾ ਹੈ।ਹਰੇਕ ਵਿਅਕਤੀ ਨੂੰ ਆਪਣੇ ਘਰਾਂ ਅਤੇ ਦਫ਼ਤਰਾਂ ਵਿੱਚ ਅੱਗ ਬੁਝਾਉਣ ਵਾਲੇ ਯੰਤਰ ਲਗਾਉਣੇ ਚਾਹੀਦੇ



ਹਨ ਅਤੇ ਅੱਗ ਬੁਝਾਉਣ ਵਾਲੇ ਯੰਤਰ ਦੀ ਵਰਤੋਂ ਕਰਨ ਬਾਰੇ ਸਿਖਲਾਈ ਵੀ ਲਾਜ਼ਮੀ ਹੈ। ਤੁਹਾਨੂੰ ਅੱਗ ਬੁਝਾਉਣ ਵਾਲੇ ਯੰਤਰ ਦੀ ਮਿਆਦ ਪੁੱਗਣ ਦੀ ਮਿਤੀ ਦੀ ਜਾਂਚ ਕਰਦੇ ਰਹਿਣਾ ਚਾਹੀਦਾ ਹੈ। ਜਦੋਂ ਅੱਗ ਬੁਝਾਉਣ ਵਾਲੇ ਯੰਤਰ ਦੀ ਮਿਆਦ ਖਤਮ ਹੋ ਜਾਂਦੀ ਹੈ, ਤਾਂ ਇਸਨੂੰ ਕਿਸੇ ਹੋਰ ਅੱਗ ਬੁਝਾਉਣ ਵਾਲੇ ਯੰਤਰ ਨਾਲ ਬਦਲਿਆ ਜਾਣਾ ਚਾਹੀਦਾ ਹੈ। ਅੱਗ ਬੁਝਾਉਣ ਵਾਲੇ ਯੰਤਰ ਦੇ ਅੰਦਰ ਪਾਊਡਰ ਹੈ ਜਾਂ ਨਹੀਂ ਇਸਦੀ ਜਾਂਚ ਕਰਦੇ ਰਹਿਣਾ ਚਾਹੀਦਾ ਹੈ। ਘਰ ਵਿੱਚ ਰੱਖੇ ਸਿਲੰਡਰ ਦੀ ਸਵਿੱਚ ਨੂੰ ਹਮੇਸ਼ਾ ਬੰਦ ਰੱਖਣਾ ਚਾਹੀਦਾ ਹੈ। ਜੇਕਰ ਅਜਿਹਾ ਲੱਗਦਾ ਹੈ ਕਿ ਘਰ ਚ ਰੱਖੇ ਸਿਲੰਡਰ ਚੋਂ ਗੈਸ ਲੀਕ ਹੋ ਰਹੀ ਹੈ ਤਾਂ ਘਰ ਦੀਆਂ ਖਿੜਕੀਆਂ ਨੂੰ ਖੋਲ੍ਹ ਦੇਣਾ ਚਾਹੀਦਾ ਹੈ।ਹਰੇਕ ਵਿਅਕਤੀ ਨੂੰ ਆਪਣੇ ਘਰਾਂ ਅਤੇ ਦਫ਼ਤਰਾਂ ਵਿੱਚ ਅੱਗ ਬੁਝਾਉਣ ਵਾਲੇ ਯੰਤਰ ਲਗਾਉਣੇ ਚਾਹੀਦੇ ਹਨ ਅਤੇ ਅੱਗ ਬੁਝਾਉਣ ਵਾਲੇ ਯੰਤਰ ਦੀ ਵਰਤੋਂ ਕਰਨ ਬਾਰੇ ਸਿਖਲਾਈ ਵੀ ਲਾਜ਼ਮੀ ਹੈ। ਤੁਹਾਨੂੰ ਅੱਗ ਬੁਝਾਉਣ ਵਾਲੇ ਯੰਤਰ ਦੀ ਮਿਆਦ ਪੁੱਗਣ ਦੀ ਮਿਤੀ ਦੀ ਜਾਂਚ ਕਰਦੇ ਰਹਿਣਾ ਚਾਹੀਦਾ ਹੈ। ਜਲਣਸ਼ੀਲ ਸਮੱਗਰੀ ਨੂੰ ਅੱਗ ਵਾਲੀ ਥਾਂ ਤੋਂ ਦੂਰ ਕਰਨ ਦੇ ਯਤਨ ਕੀਤੇ ਜਾਣੇ ਚਾਹੀਦੇ ਹਨ। ਫਾਇਰ ਬ੍ਰਿਗੇਡ ਨੂੰ ਤੁਰੰਤ ਫੋਨ ਕਰਕੇ ਸੂਚਿਤ ਕੀਤਾ ਜਾਵੇ। ਆਸ-ਪਾਸ ਰਹਿਣ ਵਾਲੇ ਲੋਕਾਂ ਨੂੰ ਫਾਇਰ ਅਲਾਰਮ ਰਾਹੀਂ ਸੂਚਿਤ ਕੀਤਾ ਜਾਵੇ ਤਾਂ ਜੋ ਉਹ ਉੱਥੋਂ ਨਿਕਲ ਕੇ ਸੁਰੱਖਿਅਤ ਥਾਂ ਤੇ ਪਹੁੰਚ ਸਕਣ। ਜੇਕਰ ਕੋਈ ਵਿਅਕਤੀ ਅੱਗ ਦੀ ਲਪੇਟ ਚ ਆ ਜਾਵੇ ਤਾਂ ਫਾਇਰ ਸੇਫਟੀ ਕਰਮਚਾਰੀਆਂ ਦੀ ਮਦਦ ਨਾਲ ਅੰਦਰ ਫਸੇ ਵਿਅਕਤੀ ਨੂੰ ਬਾਹਰ ਕੱਢਿਆ ਜਾਵੇ। ਜੇਕਰ ਸਾਡੇ ਕੱਪੜਿਆਂ ਨੂੰ ਅੱਗ ਲੱਗ ਜਾਵੇ ਤਾਂ ਸਾਨੂੰ ਭੱਜਣਾ ਨਹੀਂ ਚਾਹੀਦਾ, ਸਾਨੂੰ ਤੁਰੰਤ ਜ਼ਮੀਨ ਤੇ ਲੇਟ ਕੇ ਅੱਗ ਬੁਝਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਜਦੋਂ ਲੋਕ ਭੱਜਦੇ ਹਨ ਤਾਂ ਅੱਗ ਨੂੰ ਆਕਸੀਜਨ ਮਿਲਦੀ ਹੈ ਜਿਸ ਨਾਲ ਅੱਗ ਦੀਆਂ ਲਪਟਾਂ ਹੋਰ ਵੀ ਤੇਜ਼ ਹੋ ਜਾਂਦੀਆਂ ਹਨ। ਇਸ ਮੌਕੇ ਸਬ ਐਫਓ ਗੁਰਸ਼ਰਨਜੀਤ ਸਿੰਘ, ਫਾਇਰ ਵਿਭਾਗ ਤੋਂ ਐਲ.ਐਮ.ਐਮ ਰਾਜਿੰਦਰ ਪ੍ਰਸਾਦ ਅਤੇ ਸਕੂਲ ਸਟਾਫ਼ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸੀ ।

# ਐਸ.ਐਸ.ਐਂਡ ਆਈ.ਸੀ.ਡੀ. ਐਸ ਕਰਮਚਾਰੀ ਏਕਤਾ ਐਸੋਸੀਏਸ਼ਨ ਦੀ ਹੋਈ ਚੋਣ।



ਰਾਜਪੁਰਾ (ਲੋਕ ਬਾਣੀ) ਮਿੰਨੀ ਸਕੱਤਰੇਤ, ਪਟਿਆਲਾ ਵਿਖੇ ਸਵੇਰੇ 11.00 ਵਜੇ ਸਮਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਮੁਲਾਜ਼ਮਾਂ ਵੱਲੋਂ ਪੂਰਵ ਸਹਿਮਤੀ ਲੈਣ ਉਪਰੰਤ ਐਸ.ਐਸ.ਐਂਡ ਆਈ.ਸੀ.ਡੀ.ਐਸ ਕਰਮਚਾਰੀ ਏਕਤਾ ਐਸੋਸੀਏਸ਼ਨ (ਰਜਿ. ਨੰਬਰ 379), ਪੰਜਾਬ ਦੇ ਸਟੇਟ ਪੱਧਰ ਦੇ ਨਵੇਂ ਆਹੁੱਦੇਦਾਰਾਂ ਦੀ ਚੌਣ ਕਰਨ ਲਈ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਵੱਲੋਂ ਸਰਬ ਸੰਮਤੀ ਨਾਲ ਸਟੇਟ ਬਾਡੀ ਦੇ ਨਵੇਂ ਅਹੁਦੇਦਾਰਾ ਦੀ ਚੌਣ ਕੀਤੀ ਗਈ ਹੈ।ਇਸ ਮੌਕੇ ਕਮਲਦੀਪ ਸਿੰਘ ਨੂੰ ਸੂਬਾ ਪ੍ਰਧਾਨ,ਬਲਦੇਵ ਸਿੰਘ ਸੰਧੂ ਸੀਨੀਅਰ ਮੀਤ ਪ੍ਰਧਾਨ,ਜਸਵਿੰਦਰ ਸਿੰਘ ਜਨਰਲ ਸਕੱਤਰ,ਤਰਨਜੀਤ ਸਿੰਘ ਸੰਯੁਕਤ ਸਕੱਤਰ,ਗੁਰਚੇਤਨ ਸਿੰਘ ਪ੍ਰੈਸ ਸਕੱਤਰ,ਜਗਮੋਹਨ ਸਿੰਘ ਖਜ਼ਾਨਚੀ ਅਤੇ ਬਲਬੀਰ ਸਿੰਘ ਨੂੰ ਸਟੇਜ਼ ਸਕੱਤਰ ਨਿਯੁਕਤ ਕੀਤਾ ਗਿਆ।

# ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ - ਡਿਪਟੀ ਕਮਿਸ਼ਨਰ

ਮੋਗਾ, (ਲੋਕ ਬਾਣੀ)- ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮਹੱਤਵਪੂਰਨ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਵਿਸ਼ੇਸ਼ ਸਾਰੰਗਲ ਦੀ ਅਗਵਾਈ ਹੇਠ ਉਹਨਾਂ ਦੇ ਦਫ਼ਤਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸਿਵਲ ਸਰਜਨ (ਕਾਰਜਕਾਰੀ) ਡਾ. ਰੀਤੂ ਜੈਨ ਨੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ, ਸਮੂਹ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਨੂੰ ਮੀਟਿੰਗ ਦੇ ਅਜੰਡੇ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ।

ਮੀਟਿੰਗ ਦੌਰਾਨ ਸਿਹਤ ਸੇਵਾਵਾਂ ਅਤੇ ਸਿਹਤ ਸਕੀਮਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਗਈ। ਦੱਸਿਆ ਗਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੈਲਥ ਵੈਲਨੈਸ ਸੈਂਟਰ, ਆਮ ਆਦਮੀ ਕਲੀਨਿਕ, ਅਤੇ ਪੀਐਚਸੀ ਨੂੰ ਅਪਗਰੇਡ ਕਰਕੇ ਰੀਬ੍ਰੈਂਡ ਕਰਕੇ ਆਯੁਸ਼ਮਾਨ ਅਰੋਗਿਆ ਕੇਂਦਰ ਬਣਾਇਆ ਜਾਵੇਗਾ। ਇਨ੍ਹਾਂ ਕੇਂਦਰਾਂ ਵਿੱਚ ਸੰਚਾਰਿਤ ਅਤੇ ਗੈਰ ਸੰਚਾਰਿਤ ਬਿਮਾਰੀਆਂ (ਜਿਵੇਂ ਸ਼ੂਗਰ, ਬਲੱਡ ਪ੍ਰੈਸ਼ਰ, ਦਮਾ, ਚਮੜੀ ਅਤੇ ਦੰਦਾਂ ਦੇ ਰੋਗ) ਦੀ ਸਕਰੀਨਿੰਗ ਅਤੇ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਜ਼ਰੂਰਤ ਪੈਣ ਤੇ ਮਰੀਜ਼ਾਂ ਨੂੰ ਉੱਚ ਸਿਹਤ ਸੇਵਾਵਾਂ ਲਈ ਰੈਫਰਲ ਸਹੂਲਤ ਵੀ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਸਮੂਹ ਸਿਹਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ। ਉਹਨਾਂ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇ ਕਿ ਹਰੇਕ ਪੱਧਰ ਦੀ ਸਿਹਤ ਸੰਸਥਾ ਵਿੱਚ ਨਿਯਮ ਅਤੇ ਉਪਲਬਧਤਾ ਮੁਤਾਬਿਕ ਸਿਹਤ ਸਹੂਲਤ ਲੋਕਾਂ ਨੂੰ ਮੁਹੱਈਆ ਕਰਵਾਈ ਜਾਵੇ। ਉਹਨਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਯੋਜਨਾਵਾਂ ਨੂੰ ਮਜ਼ਬੂਤ ਬਣਾਉਣ ਅਤੇ ਜਨਤਾ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਦੇ ਉਦੇਸ਼ਾਂ ਦੀ ਪ੍ਰਾਪਤੀ ਲਈ ਹਰੇਕ ਨੂੰ ਯਤਨ ਕਰਨਾ ਚਾਹੀਦਾ ਹੈ। ਸਿਹਤ ਵਿਭਾਗ ਵੱਲੋਂ ਚਲਾਏ ਗਏ ਪ੍ਰੋਗਰਾਮਾਂ ਦੀ ਤਿੱਖੀ ਮੋਨੀਟਰਿੰਗ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਮੋਗਾ ਨੇ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਦੇ



ਕੰਮਾਂ ਤੇ ਤਸੱਲੀ ਪ੍ਰਗਟਾਈ। ਮੀਟਿੰਗ ਵਿੱਚ ਸੀਨੀਅਰ ਮੈਡੀਕਲ ਅਫਸਰਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੈਸ਼ਨਲ ਹੈਲਥ ਮਿਸ਼ਨ ਪ੍ਰਵੀਨ ਸ਼ਰਮਾ ਸਮੇਤ ਕਈ ਅਧਿਕਾਰੀ ਮੌਜੂਦ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖ਼ਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ - ਡਿਪਟੀ ਕਮਿਸ਼ਨਰ

ਮੋਗਾ, (ਲੋਕ ਬਾਣੀ) ਜ਼ਿਲ੍ਹਾ ਸਿਹਤ ਸੁਸਾਇਟੀ ਦੀ ਮਹੱਤਵਪੂਰਨ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਵਿਸ਼ੇਸ਼ ਸਾਰੰਗਲ ਦੀ ਅਗਵਾਈ ਹੇਠ ਉਹਨਾਂ ਦੇ ਦਫ਼ਤਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸਿਵਲ ਸਰਜਨ (ਕਾਰਜਕਾਰੀ) ਡਾ. ਗੀਤੂ ਜੈਨ ਨੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ, ਸਮੂਹ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਨੂੰ ਮੀਟਿੰਗ ਦੇ ਅਜੰਡੇ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ।

ਮੀਟਿੰਗ ਦੌਰਾਨ ਸਿਹਤ ਸੇਵਾਵਾਂ ਅਤੇ ਸਿਹਤ ਸਕੀਮਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਗਈ। ਦੱਸਿਆ ਗਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੈਲਥ ਵੈਲਨੈਸ ਸੈਂਟਰ, ਆਮ ਆਦਮੀ ਕਲੀਨਿਕ, ਅਤੇ ਪੀਐਚਸੀ ਨੂੰ ਅਪਗਰੇਡ ਕਰਕੇ ਰੀਬ੍ਰੈਂਡ ਕਰਕੇ ਆਯੁਸ਼ਮਾਨ ਅਰੋਗਿਆ ਕੇਂਦਰ ਬਣਾਇਆ ਜਾਵੇਗਾ। ਇਨ੍ਹਾਂ ਕੇਂਦਰਾਂ ਵਿੱਚ ਸੰਚਾਰਿਤ ਅਤੇ ਗੈਰ ਸੰਚਾਰਿਤ ਬਿਮਾਰੀਆਂ (ਜਿਵੇਂ ਸ਼ੂਗਰ, ਬਲੱਡ ਪ੍ਰੈਸ਼ਰ, ਦਮਾ, ਚਮੜੀ ਅਤੇ ਦੰਦਾਂ ਦੇ ਰੋਗ) ਦੀ ਸਕਰੀਨਿੰਗ ਅਤੇ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਜ਼ਰੂਰਤ ਪੈਣ ਤੇ ਮਰੀਜ਼ਾਂ ਨੂੰ ਉੱਚ ਸਿਹਤ ਸੇਵਾਵਾਂ ਲਈ ਰੈਫਰਲ ਸਹੂਲਤ ਵੀ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਸਮੂਹ ਸਿਹਤ ਅਧਿਕਾਰੀਆਂ ਨੂੰ

ਹਦਾਇਤ ਕੀਤੀ ਕਿ ਸਿਹਤ ਸਕੀਮਾਂ ਨੂੰ ਸਫਲਤਾ ਪੂਰਵਕ ਲਾਗੂ ਕਰਨ ਲਈ ਹਰ ਸੰਭਵ ਯਤਨ ਕੀਤੇ



ਜਾਣ। ਉਹਨਾਂ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇ ਕਿ ਹਰੇਕ ਪੱਧਰ ਦੀ ਸਿਹਤ ਸੰਸਥਾ ਵਿੱਚ ਨਿਯਮ ਅਤੇ ਉਪਲਬਧਤਾ ਮੁਤਾਬਿਕ ਸਿਹਤ ਸਹੂਲਤ ਲੋਕਾਂ ਨੂੰ ਮੁਹਈਆ ਕਰਵਾਈ ਜਾਵੇ। ਉਹਨਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਯੋਜਨਾਵਾਂ ਨੂੰ ਮਜ਼ਬੂਤ ਬਣਾਉਣ ਅਤੇ ਜਨਤਾ ਤੱਕ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪਹੁੰਚਾਉਣ ਦੇ ਉਦੇਸ਼ਾਂ ਦੀ ਪ੍ਰਾਪਤੀ ਲਈ ਹਰੇਕ ਨੂੰ ਯਤਨ ਕਰਨਾ ਚਾਹੀਦਾ ਹੈ। ਸਿਹਤ ਵਿਭਾਗ ਵੱਲੋਂ ਚਲਾਏ ਗਏ ਪ੍ਰੋਗਰਾਮਾਂ ਦੀ ਤਿੱਖੀ ਮੋਨੀਟਰਿੰਗ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਮੋਗਾ ਨੇ ਜ਼ਿਲ੍ਹੇ ਵਿੱਚ ਸਿਹਤ ਵਿਭਾਗ ਦੇ ਕੰਮਾਂ ਤੇ ਤਸੱਲੀ ਪ੍ਰਗਟਾਈ। ਮੀਟਿੰਗ ਵਿੱਚ ਸੀਨੀਅਰ ਮੈਡੀਕਲ ਅਫਸਰਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੈਸ਼ਨਲ ਹੈਲਥ ਮਿਸ਼ਨ ਪ੍ਰਵੀਨ ਸ਼ਰਮਾ ਸਮੇਤ ਕਈ ਅਧਿਕਾਰੀ ਮੌਜੂਦ ਸਨ।

# ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਜੀ ਦਾ 68ਵਾਂ ਪ੍ਰੀਨਿਰਵਾਣ ਦਿਵਸ ਮਨਾਇਆ ਗਿਆ।

ਪਟਿਆਲਾ, (ਲੋਕ ਬਾਣੀ) ਜਗਤਾਰ ਸਿੰਘ ਰੋੜੇਵਾਲ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਵਲੋਂ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਟਿੱਬੀ ਦੀ ਅਗਵਾਈ ਹੇਠ ਮੁੱਖ ਦਫ਼ਤਰ ਬਸਪਾ ਨੇੜੇ ਫਲਾਈਓਵਰ ਪਟਿਆਲਾ ਵਿਖੇ ਬਾਬਾ ਡਾਕਟਰ ਸਾਹਿਬ ਭੀਮ ਰਾਓ ਅੰਬੇਡਕਰ ਜੀ ਦਾ ਪ੍ਰੀਨਿਰਵਾਣ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਇਸ ਮੌਕੇ ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪਟਿਆਲਾ ਪ੍ਰਧਾਨ, ਜੋਗਾ ਸਿੰਘ ਪਨੋਦੀਆਂ ਸੀਨੀਅਰ ਆਗੂ ਪੰਜਾਬ, ਸੁਰਜੀਤ ਸਿੰਘ ਗੋਰੀਆ ਜ਼ਿਲ੍ਹਾ ਇੰਚਾਰਜ, ਹਰਦੀਪ ਸਿੰਘ ਚੁੰਬਰ ਮੁੱਖ ਸੰਪਾਦਕ ਰੋਜ਼ਾਨਾ ਇਕੁਐਲਟੀ ਐਂਡ ਜਸਟਿਸ , ਰੂਪ ਸਿੰਘ ਬਠੋਈ ਸਾਬਕਾ ਜਿਲਾ ਪ੍ਰਧਾਨ,ਗੁਰਮੱਖ ਸਿੰਘ ਜਿਲਾ ਇੰਚਾਰਜ ਬਾਮਸੇਫ,ਆਦਿ ਨੇ ਸੰਬੋਧਨ ਕੀਤਾ ਅਤੇ ਬਾਬਾ ਸਾਹਿਬ ਅੰਬੇਡਕਰ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਬਾਬਾ ਸਾਹਿਬ ਦੇ ਸੰਘਰਸ਼ਮਈ ਜੀਵਨ ਤੇ ਬੋਲਦਿਆਂ ਕਿਹਾ ਕਿ ਕਿੰਨੇ ਔਕੜਾਂ ਅਤੇ ਸੰਘਰਸ਼ ਭਰੇ ਜੀਵਨ ਦੀਆਂ ਔਕੜਾਂ ਨੂੰ ਸਹਿੰਦਿਆਂ ਉੱਚ ਵਿਦਿਆ ਪ੍ਰਾਪਤ ਕੀਤੀ ਅਤੇ ਦੱਬੇ ਕੁੱਚਲੇ ਲੋਕਾਂ ਨੂੰ ਜਿਉਂਣ ਜੋਗਾ ਬਣਾਇਆ। ਬਾਬਾ ਸਾਹਿਬ ਨੇ ਸਾਨੂੰ ਪੜ੍ਹਨ ਲਿਖਣ, ਪਾਣੀ ਦਾ ਅਧਿਕਾਰ, ਸਰਕਾਰੀ ਨੌਕਰੀਆਂ, ਜ਼ਮੀਨ ਜਾਇਦਾਦ ਵੇਚਣ, ਖ਼ਰੀਦਣ ਦਾ ਅਧਿਕਾਰ ਲੈ ਕੇ ਦਿੱਤਾ। ਪ੍ਰਾਈਵੇਟ ਅਦਾਰਿਆਂ ਵਿਚ 8 ਘੰਟਿਆਂ ਦੀ ਡਿਊਟੀ, ਹਫਤਾਵਾਰੀ ਇੱਕ ਛੁੱਟੀ , ਖ਼ਾਸਕਰ ਮਹਿਲਾਵਾਂ ਨੂੰ ਮੈਡੀਕਲ ਛੁੱਟੀਆਂ ਤੇ ਹੋਰ




ਹੋਰ ਬਹੁਤ ਸਾਰੀਆਂ ਸਹੂਲਤਾਂ ਮੁਹਈਆ ਕਰਵਾਉਣ ਦਾ ਕੰਮ ਕੀਤਾ।ਇਸ ਤੋਂ ਬਿਨਾਂ ਸਾਨੂੰ ਸਭ ਨੂੰ ਬਰਾਬਰ ਵੋਟ ਪਾਉਣ ਦਾ ਅਧਿਕਾਰ ਲੈ ਕੇ ਦਿੱਤਾ।

ਇਸ ਸ਼ਰਧਾਂਜਲੀ ਸਮਾਗਮ ਮੌਕੇ ਰਵੀ ਕੁਮਾਰ ਬਾਲਮੀਕੀ ਪ੍ਰਧਾਨ ਪਟਿਆਲਾ ਦਿਹਾਤੀ, ਹਰਵਿੰਦਰ ਸਿੰਘ ਨਰੜੂ ਮੀਤ ਪ੍ਰਧਾਨ ਦਿਹਾਤੀ, ਰਾਜਿੰਦਰ ਪਾਲ ਇੰਚਾਰਜ ਦਿਹਾਤੀ, ਜਗਤਾਰ ਸਿੰਘ ਸਨੌਰ, ਸੁੱਖ ਲਾਲ ਜ਼ਿਲ੍ਹਾ ਇੰਚਾਰਜ,ਲਾਲ ਚੰਦ ਪਟਿਆਲਾ,ਚੰਦ ਸਿੰਘ ਭੱਟੀ, ਜਰਨੈਲ ਸਿੰਘ ਸਵਾਜਪੁਰ,ਅਮਰਨਾਥ ਬਾਮਸੇਫ ਆਗੂ ਆਦਿ ਵੱਡੀ ਗਿਣਤੀ ਵਿੱਚ ਬਸਪਾ ਵਰਕਰਾਂ ਨੇ ਪਹੁੰਚ ਕੇ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ।ਅੰਤ ਵਿਚ ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ ਨੇ ਸਾਰੇ ਵਰਕਰਾਂ ਤੇ ਆਗੂਆਂ ਦਾ ਧੰਨਵਾਦ ਕੀਤਾ।

# ਇਲਾਕਾ ਨਿਵਾਸੀਆਂ ਦੀ ਮੰਗ ਅਨੁਸਾਰ ਸਮਾਜ ਸੇਵੀ ਸੰਦੀਪ ਪਰੂਥੀ ਨੇ ਕੀਤੀ ਨਵੇਕਲੇ ਢੰਗ ਨਾਲ ਰਾਜਨੀਤਿਕ ਕੈਰੀਅਰ ਦੀ ਸ਼ੁਰੂਆਤ

ਜ਼ੀਰਕਪੁਰ, (ਲੋਕ ਬਾਣੀ) ਜ਼ੀਰਕਪੁਰ ਇਲਾਕੇ ਦੇ ਨਿਵਾਸੀਆਂ ਦੀ ਮੰਗ ਅਨੁਸਾਰ ਸਮਾਜ ਸੇਵਾ ਵਿੱਚ ਨਾਮਨਾ ਖੱਟ ਰਹੀ ਸੰਸਥਾ ਸੇਵਕ ਸਭਾ ਦੇ ਪ੍ਰਧਾਨ ਸ੍ਰੀ ਸੰਦੀਪ ਪਰੂਥੀ ਵੱਲੋਂ ਇਲਾਕੇ ਦੀ ਨੁਹਾਰ ਬਦਲਣ ਹਿਤ ਆਪਣੇ ਰਾਜਨੀਤਿਕ ਕੈਰੀਅਰ ਦੀ ਸ਼ੁਰੂਆਤ ਬੜੇ ਸ਼ਾਨਦਾਰ ਢੰਗ ਨਾਲ ਕੀਤੀ ਗਈ। ਇਸ ਮੌਕੇ ਇਲਾਕਾ ਨਿਵਾਸੀਆਂ ਦੇ ਵੱਡੇ ਇਕੱਠ ਵਿੱਚ ਇੱਥੇ ਵੀਆਈਪੀ ਰੋਡ ਤੇ ਸਥਿਤ ਹਰਮੀਟੇਜ ਸੈਂਟਰੈਲਿਸ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨਾਂ ਦੇ ਹੱਲ ਕੱਢਣ ਦੇ ਮੰਤਵ ਲਈ ਸੇਵਕ ਸਭਾ ਦੇ ਦਫਤਰ ਦਾ ਉਦਘਾਟਨ ਕੀਤਾ ਗਿਆ ਜਿਸ ਤੋਂ ਬਾਅਦ 100 ਤੋਂ ਵੱਧ ਗੱਡੀਆਂ ਦੇ ਕਾਫਲੇ ਸਮੇਤ ਸੰਦੀਪ ਪਰੂਥੀ ਨੇ ਸਭ ਤੋਂ ਪਹਿਲਾਂ ਸ਼੍ਰੀ ਗੁਰਦੁਆਰਾ ਸਾਹਿਬ ਵਿੱਚ ਮੱਥਾ ਟੇਕਿਆ , ਅਰਦਾਸ ਕੀਤੀ ਅਤੇ ਉਸ ਤੋਂ ਬਾਅਦ ਮਾਤਾ ਸ਼੍ਰੀ ਮਨਸਾ ਦੇਵੀ ਜੀ ਦੇ ਮੰਦਿਰ ਜਾ ਕੇ ਮਾਤਾ ਜੀ ਦਾ ਆਸ਼ੀਰਵਾਦ ਲਿਆ ।

ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸ਼ਹਿਰ ਨਿਵਾਸੀਆਂ ਨੇ ਕਿਹਾ ਕਿ ਹੁਣ ਉਹਨਾਂ ਨੂੰ ਸ਼ਹਿਰ ਦੀਆਂ ਸਮੱਸਿਆਵਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਆਸ਼ਾ ਦੀ ਕਿਰਣ ਮਿਲੀ ਹੈ । ਇਸ ਮੌਕੇ ਹਾਜ਼ਰ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਸੇਵਕ ਸਭਾ ਦੇ ਪ੍ਰਧਾਨ ਸ਼੍ਰੀ ਸੰਦੀਪ ਪਰੂਥੀ ਨੇ ਕਿਹਾ ਉਹਨਾਂ ਦਾ ਮਕਸਦ ਸ਼ਹਿਰ ਨਿਵਾਸੀਆਂ ਨੂੰ ਨਾਲ ਲੈ ਕੇ ਸਿਰਫ ਅਤੇ ਸਿਰਫ ਆਪਣੇ ਸ਼ਹਿਰ ਨੂੰ ਬੇਹਤਰੀ ਵੱਲ ਲਿਜਾਣਾ ਹੈ , ਸ਼ਹਿਰ ਨੂੰ ਚੰਗਾ ਵਾਤਾਵਰਣ ਦੇਣਾ ਹੈ ਅਤੇ ਸ਼ਹਿਰ ਨੂੰ ਸਾਫ ਸੁਥਰਾ ਬਣਾਉਣਾ ਹੈ । ਉਨਾਂ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਬੱਚਿਆਂ ਲਈ ਸਪੋਰਟਸ ਕੰਪਲੈਕਸ ਅਤੇ ਬਜ਼ੁਰਗਾਂ ਲਈ ਉਹਨਾਂ ਦੀ ਸੁਵਿਧਾ ਅਨੁਸਾਰ ਅਤੇ ਉਨਾਂ ਦੇ ਟਾਈਮ ਪਾਸ ਕਰਨ ਲਈ ਪਾਰਕ ਬਣਵਾਉਣਾ ਹੈ ।

ਉਨਾਂ ਇਹ ਵੀ ਕਿਹਾ ਕਿ ਭਵਿੱਖ ਵਿੱਚ ਆਉਣ ਵਾਲੀਆਂ ਨਗਰ ਪਾਲਿਕਾ ਚੋਣਾਂ ਵਿੱਚ ਸਾਰੇ 31 ਵਾਰਡਾਂ ਵਿੱਚ ਸੇਵਕ ਸਭਾ ਵੱਲੋਂ ਉਮੀਦਵਾਰ ਖੜੇ ਕੀਤੇ ਜਾਣਗੇ ਅਤੇ ਚੋਣ ਲੜੀ ਜਾਵੇਗੀ ਅਤੇ ਉਹਨਾਂ ਨੂੰ ਪੂਰੀ ਉਮੀਦ ਹੈ ਕਿ ਜਿਸ ਤਰ੍ਹਾਂ ਸ਼ਹਿਰ ਨਿਵਾਸੀ ਉਹਨਾਂ ਦਾ ਸਾਥ ਦੇ ਰਹੇ ਹਨ ਅਤੇ ਨਾਲ ਖੜੇ ਹਨ , ਪੂਰੇ 31 ਵਾਰਡਾਂ ਵਿੱਚੋਂ ਹਰ ਹਾਲ ਜਿੱਤ ਪ੍ਰਾਪਤ ਕੀਤੀ ਜਾਵੇਗੀ ।ਆਪਣੇ ਸੰਬੋਧਨ ਵਿੱਚ ਉਹਨਾਂ ਹੋਰ ਕਿਹਾ ਕਿ ਉਹ ਇਹੀ ਸੋਚ ਲੈ ਕੇ ਚੱਲੇ ਹਨ ਕਿ ਪੂਰੇ ਜ਼ੀਰਕਪੁਰ ਨਿਵਾਸੀਆਂ ਨੂੰ ਨਾਲ ਲੈ ਕੇ ਜ਼ੀਰਕਪੁਰ ਸ਼ਹਿਰ ਨੂੰ ਸਫਾਈ ਵਿੱਚ ਨੰਬਰ ਇੱਕ ਤੇ ਲਿਆਉਣਾ , ਸ਼ਹਿਰ ਨਿਵਾਸੀਆਂ ਨੂੰ ਚੰਗਾ ਤੇ ਵਧੀਆ ਮਾਹੌਲ ਪ੍ਰਦਾਨ ਕਰਨਾ, ਨਵੇਂ ਪਾਰਕ, ਨਵੀਆਂ ਸੜਕਾਂ ,ਨਵੇਂ ਸਪੋਰਟ ਕੰਪਲੈਕਸ ਬਨਵਾਉਣਾ ਹੈ ਜਿੱਥੇ ਲੋਕਾਂ ਨੂੰ ਸਾਰੀਆਂ ਸੁਵਿਧਾਵਾਂ ਪ੍ਰਾਪਤ ਹੋ ਸਕਣ।

ਸ੍ਰੀ ਸੰਦੀਪ ਪਰੂਥੀ ਨੇ ਨਵੇਂ ਦਫਤਰ ਦੇ ਉਦਘਾਟਨ ਮੌਕੇ ਜੁੜੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀਆਂ , ਪਤਵੰਤਿਆਂ ਦਾ ਦਿਲੋਂ ਇਸ ਗੱਲ ਲਈ ਧੰਨਵਾਦ ਕੀਤਾ ਕਿ ਉਹ ਸਾਰੇ ਉਹਨਾਂ ਦੇ ਨਾਲ ਖੜੇ ਹਨ। ਹਾਜ਼ਰ ਸ਼ਹਿਰ ਨਿਵਾਸੀਆਂ ਤੇ ਪਤਵੰਤਿਆਂ ਨੇ ਵਿਸ਼ਵਾਸ ਦਿਲਾਇਆ ਕਿ ਉਹ ਇਸ ਨੇਕ ਕਾਰਜ ਲਈ ਅਤੇ ਸ਼ਹਿਰ ਨੂੰ ਬੁਲੰਦੀਆਂ ਤੇ ਲਿਜਾਣ ਲਈ ਉਹਨਾਂ ਦਾ ਭਰਪੂਰ ਸਹਿਯੋਗ ਦੇਣਗੇ ਤਾਂ ਕਿ ਜ਼ੀਰਕਪੁਰ ਸ਼ਹਿਰ ਆਉਣ ਵਾਲੇ ਸਮੇਂ ਵਿੱਚ ਹੋਰ ਬਿਹਤਰ ਬਣ ਸਕੇ ।






# ਕੇਂਦਰ ਸਰਕਾਰ ਨੇ 347 ਉੱਚ-ਤਰਜੀਹ ਵਾਲੇ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ ਤੇ 100 ਦਿਨਾਂ ਟੀਬੀ ਖ਼ਾਤਮਾ ਮੁਹਿੰਮ ਸ਼ੁਰੂ ਕੀਤੀ

ਪੰਚਕੂਲਾ, ਹਰਿਆਣਾ, (ਲੋਕ ਬਾਣੀ)
ਤਪੇਦਿਕ ਦੇ ਖ਼ਾਤਮੇ ਵਿੱਚ ਭਾਰਤ ਦੇ ਯਤਨਾਂ ਤਹਿਤ ਭਾਰਤ ਸਰਕਾਰ ਨੇ ਅਗਲੇ 100 ਦਿਨਾਂ ਲਈ ਦੇਸ਼ ਭਰ ਦੇ 347 ਜ਼ਿਲ੍ਹਿਆਂ ਵਿੱਚ ਇੱਕ ਨਵੀਂ ਮੁਹਿੰਮ ਸ਼ੁਰੂ ਕੀਤੀ ਹੈ। ਇਸ ਮੁਹਿੰਮ ਦਾ ਉਦੇਸ਼ ਖਾਸ ਤੌਰ ਤੇ ਉੱਚ-ਜੋਖਮ ਵਾਲੇ ਸਮੂਹਾਂ ਵਿੱਚ ਟੀਬੀ ਦੇ ਰੋਗੀਆਂ ਦਾ ਤੀਬਰ ਜਾਂਚ ਮੁਹਿੰਮਾਂ ਰਾਹੀਂ ਪਤਾ ਲਗਾਉਣਾ, ਇਲਾਜ ਕਰਨਾ ਅਤੇ ਟੀਬੀ ਨਾਲ ਮੌਤਾਂ ਨੂੰ ਮਹੱਤਵਪੂਰਨ ਤੌਰ ਤੇ ਘੱਟ ਕਰਨਾ ਹੈ। ਇਹ ਮੁਹਿੰਮ ਨਿਦਾਨ ਅਤੇ ਇਲਾਜ ਦੀ ਸ਼ੁਰੂਆਤ ਵਿੱਚ ਦੇਰੀ ਨੂੰ ਘਟਾਉਣ ਲਈ ਉੱਨਤ ਸਕ੍ਰੀਨਿੰਗ ਅਤੇ ਨਿਦਾਨ ਟੈਕਨੋਲੋਜੀਆਂ ਨੂੰ ਸ਼ਾਮਲ ਕਰੇਗੀ।
ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ਼੍ਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਪੰਚਕੂਲਾ, ਹਰਿਆਣਾ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਰਾਸ਼ਟਰੀ ਟੀਬੀ ਖਾਤਮਾ ਪ੍ਰੋਗਰਾਮ (ਐੱਨਟੀਈਪੀ) ਦੀ ਅਗਵਾਈ ਵਿੱਚ 100 ਦਿਨਾਂ ਦੀ ਤੀਬਰ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ; ਹਰਿਆਣਾ ਦੀ ਸਿਹਤ ਮੰਤਰੀ ਸ਼੍ਰੀਮਤੀ ਆਰਤੀ ਸਿੰਘ ਰਾਓ; ਸਿਵਿਲ ਸੋਸਾਇਟੀ ਦੇ ਮੈਂਬਰਾਂ ਤੋਂ ਇਲਾਵਾ ਕੇਂਦਰੀ ਅਤੇ ਰਾਜ ਦੇ ਸਿਹਤ ਮੰਤਰਾਲਿਆਂ ਅਤੇ ਰਾਸ਼ਟਰੀ ਤਪੇਦਿਕ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

ਹਰੇਕ ਖੇਤਰ ਦੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਅਨੁਕੂਲ ਪਹੁੰਚ

ਮੁਹਿੰਮ ਦਾ ਅਮਲ ਹਰੇਕ ਖੇਤਰ ਦੀਆਂ ਵਿਭਿੰਨ ਅਤੇ ਖਾਸ ਚੁਣੌਤੀਆਂ ਨੂੰ ਹੱਲ ਕਰਨ ਲਈ ਤਿਆਰ ਕੀਤਾ ਜਾਵੇਗਾ। 33 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 347 ਜ਼ਿਲ੍ਹਿਆਂ ਨੂੰ ਰਾਸ਼ਟਰੀ ਔਸਤ ਦੇ ਮੁਕਾਬਲੇ ਮੌਤ ਦਰ, ਅਨੁਮਾਨਿਤ ਟੀਬੀ ਜਾਂਚ ਦਰ ਅਤੇ ਮਾਮਲਿਆਂ ਦੀ ਦਰ ਵਰਗੇ ਸੂਚਕਾਂ ਦੇ ਅਧਾਰ ਤੇ ਚੁਣਿਆ ਗਿਆ ਹੈ।

ਬਿਹਤਰ ਭਾਲ, ਤੇਜ਼ ਨਿਦਾਨ ਅਤੇ ਇਲਾਜ

ਮੁਹਿੰਮ ਦਾ ਉਦੇਸ਼ ਨਿਦਾਨ ਅਤੇ ਇਲਾਜ ਦੀ ਸ਼ੁਰੂਆਤ ਵਿੱਚ ਦੇਰੀ ਨੂੰ ਘਟਾਉਣ ਲਈ ਆਧੁਨਿਕ ਸਕ੍ਰੀਨਿੰਗ ਅਤੇ ਨਿਦਾਨ ਤਕਨੀਕਾਂ ਦੀ ਵਰਤੋਂ ਕਰਦੇ ਹੋਏ ਤੀਬਰ ਕੇਸ ਭਾਲ ਮੁਹਿੰਮ ਨਾਲ ਰੋਗ ਦੀ ਭਾਲ ਨੂੰ ਵਧਾਉਣਾ ਹੈ। ਇਹ ਮੁਹਿੰਮ ਮੋਬਾਈਲ ਅਲਟ੍ਰਾਪੋਰਟੇਬਲ, ਏਆਈ-ਸਮਰੱਥ ਐਕਸ-ਰੇਅ ਯੂਨਿਟਾਂ ਅਤੇ ਅਣੂ ਟੈਸਟਾਂ ਨੂੰ ਲੋਕਾਂ ਤੱਕ ਲਿਆਉਣ ਲਈ, ਖਾਸ ਤੌਰ ਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਤੈਨਾਤ ਕਰੇਗੀ। ਟੀਬੀ ਦੇ ਲੱਛਣਾਂ ਲਈ ਸੰਵੇਦਨਸ਼ੀਲ ਲੋਕਾਂ ਦੀ ਜਾਂਚ ਕਰਨ ਤੋਂ ਇਲਾਵਾ, ਐੱਨਟੀਈਪੀ ਸਾਰੇ ਉੱਚ-ਜੋਖਮ ਵਾਲੇ ਸਮੂਹਾਂ ਦੀ ਵੀ ਟੀਬੀ ਜਾਂਚ ਕਰੇਗਾ, ਭਾਵੇਂ ਉਨ੍ਹਾਂ ਵਿੱਚ ਲੱਛਣ ਦਿਖਾਈ ਦਿੰਦੇ ਹਨ ਜਾਂ ਨਹੀਂ।

ਇਲਾਜ, ਦੇਖਭਾਲ ਅਤੇ ਪੋਸ਼ਣ ਸਬੰਧੀ ਸਹਾਇਤਾ ਲਈ ਵਿਸਤ੍ਰਿਤ ਪਹੁੰਚ

ਸਮਾਨਾਂਤਰ ਤੌਰ ਤੇ, ਟੀਬੀ ਕਾਰਨ ਮੌਤ ਦਰ ਨੂੰ ਘਟਾਉਣ ਲਈ, ਇਹ ਪ੍ਰੋਗਰਾਮ ਉੱਚ-ਜੋਖਮ ਵਾਲੇ ਮਰੀਜ਼ਾਂ ਲਈ ਵਿਸ਼ੇਸ਼ ਦੇਖਭਾਲ ਪ੍ਰਦਾਨ ਕਰਨ ਅਤੇ ਨਿ-ਕਸ਼ਯ ਪੋਸ਼ਣ ਯੋਜਨਾ ਰਾਹੀਂ ਪੌਸ਼ਟਿਕ ਸਹਾਇਤਾ ਵਧਾਉਣ ਲਈ ਵਿਭੇਦੀ ਟੀਬੀ ਸੰਭਾਲ ਵਰਗੀਆਂ ਨਵੀਆਂ ਪਹਿਲਕਦਮੀਆਂ ਤੱਕ ਪਹੁੰਚ ਦਾ ਵਿਸਤਾਰ ਕਰੇਗਾ। ਗੌਰਤਲਬ ਹੈ ਕਿ ਨਿ-ਕਸ਼ਯ ਪੋਸ਼ਣ ਯੋਜਨਾ ਦੇ ਤਹਿਤ ਮਾਸਿਕ ਸਹਾਇਤਾ ਨੂੰ ਹਾਲ ਹੀ ਵਿੱਚ ਟੀਬੀ ਦੇ ਸਾਰੇ ਮਰੀਜ਼ਾਂ ਲਈ ₹ 500 ਤੋਂ ਵਧਾ ਕੇ ₹ 1000 ਪ੍ਰਤੀ ਮਹੀਨਾ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਟੀਬੀ ਦੇ ਮਰੀਜ਼ਾਂ ਦੇ ਸਾਰੇ ਘਰੇਲੂ ਸੰਪਰਕਾਂ ਨੂੰ ਕਵਰ ਕਰਨ ਲਈ ਨਿ-ਕਸ਼ਯ ਮਿੱਤਰ ਪਹਿਲਕਦਮੀ ਦੇ ਦਾਇਰੇ ਦਾ ਵਿਸਤਾਰ ਕੀਤਾ ਗਿਆ ਹੈ। ਇਸ ਤਰ੍ਹਾਂ, ਇਹ ਮੁਹਿੰਮ ਟੀਬੀ ਦੇ ਇਲਾਜ ਦੇ ਸਮਰਥਕ ਅਤੇ ਰੋਕਥਾਮ ਦੇ ਇੱਕ ਸਾਧਨ ਦੇ ਰੂਪ ਵਿੱਚ ਪੋਸ਼ਣ ਸਬੰਧੀ ਸਹਾਇਤਾ ਤੱਕ ਵਿਸਤ੍ਰਿਤ ਪਹੁੰਚ ਨੂੰ ਯਕੀਨੀ ਬਣਾਏਗੀ।
ਅੰਤ ਵਿੱਚ, ਇਹ ਪ੍ਰੋਗਰਾਮ ਆਯੁਸ਼ਮਾਨ ਆਰੋਗਯ ਮੰਦਿਰਾਂ ਦੀ ਵਿਸ਼ਾਲ ਪਹੁੰਚ ਦਾ ਲਾਭ ਉਠਾਏਗਾ, ਜਿਸ ਰਾਹੀਂ ਟੀਬੀ ਸੇਵਾਵਾਂ ਦਾ ਵਿਕੇਂਦ੍ਰੀਕਰਣ ਕੀਤਾ ਗਿਆ ਹੈ, ਜੋ ਗੁਣਵੱਤਾ ਭਰਪੂਰ ਦੇਖਭਾਲ ਨੂੰ ਲੋਕਾਂ ਦੇ ਨੇੜੇ ਲਿਆਉਂਦਾ ਹੈ।

ਪ੍ਰਧਾਨ ਮੰਤਰੀ ਨੇ ਟੀਬੀ ਨੂੰ ਖਤਮ ਕਰਨ ਦਾ ਸੱਦਾ ਦੇ ਕੇ, ਟੀਬੀ ਵਿਰੁੱਧ ਲੜਾਈ ਵਿੱਚ ਇੱਕ ਤਬਦੀਲੀ ਦੀ ਸ਼ੁਰੂਆਤ ਕੀਤੀ

ਇਸ ਮੌਕੇ ਸਭਾ ਨੂੰ ਸੰਬੋਧਨ ਕਰਦਿਆਂ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ਼੍ਰੀ ਜੇ ਪੀ ਨੱਡਾ ਨੇ ਕਿਹਾ ਕਿ ਅੱਜ ਸ਼ੁਰੂ ਕੀਤੀ ਗਈ ਮੁਹਿੰਮ ਟੀਬੀ ਮੁਕਤ ਭਾਰਤ ਅਭਿਆਨ ਨੂੰ ਨਵਾਂ ਹੁਲਾਰਾ ਦੇਵੇਗੀ। ਮੰਤਰੀ ਨੇ ਕਿਹਾ ਕਿ ਇਸ ਮੁਹਿੰਮ ਵਿੱਚ 347 ਕੇਂਦ੍ਰਿਤ ਜ਼ਿਲ੍ਹਿਆਂ ਵਿੱਚ ਤੇਜ਼ੀ ਨਾਲ ਖੋਜ, ਇਲਾਜ ਅਤੇ ਸਹਾਇਕ ਰਣਨੀਤੀਆਂ ਸ਼ਾਮਲ ਕੀਤੀਆਂ ਜਾਣਗੀਆਂ।
ਮੰਤਰੀ ਨੇ ਸਾਲ 1960 ਤੋਂ ਪਹਿਲਾਂ ਦੀ ਸਥਿਤੀ ਵੱਲ ਧਿਆਨ ਦਿਵਾਇਆ, ਜਦੋਂ ਟੀਬੀ ਦਾ ਪਤਾ ਲਗਾਉਣ ਦਾ ਮਤਲਬ ਮੌਤ ਦੀ ਹੌਲੀ ਸਜ਼ਾ ਸੀ। ਟੀਬੀ ਵਾਲੇ ਲੋਕਾਂ ਨੂੰ ਘਰ ਤੋਂ ਦੂਰ ਰੱਖਿਆ ਜਾਂਦਾ ਸੀ; ਭੋਜਨ ਵੱਖਰੇ ਤੌਰ ਤੇ ਪਰੋਸਿਆ ਜਾਂਦਾ ਸੀ। ਕਈਆਂ ਨੂੰ ਟੀਬੀ ਰੋਗਾਣੂ-ਘਰਾਂ ਵਿੱਚ ਵੀ ਭੇਜਿਆ ਜਾਂਦਾ ਸੀ। ਅਤੇ ਅੱਜ, ਸਾਡਾ ਸੰਕਲਪ ਟੀਬੀ ਮੁਕਤ ਭਾਰਤ ਲਈ ਹੈ।'
ਸਿਹਤ ਮੰਤਰੀ ਨੇ ਦੱਸਿਆ ਕਿ 1962 ਵਿੱਚ ਰਾਸ਼ਟਰੀ ਟੀਬੀ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਅਤੇ ਟੀਬੀ ਦੇ ਇਲਾਜ ਲਈ ਦਵਾਈਆਂ ਦਿੱਤੀਆਂ ਜਾਣ ਲੱਗੀਆਂ। '1997 ਵਿੱਚ, ਅਸੀਂ ਡਾਇਰੈਕਟਲੀ ਔਬਜ਼ਰਵਡ ਟ੍ਰੀਟਮੈਂਟ (ਡੀਓਟੀ) ਸ਼ੁਰੂ ਕੀਤਾ। ਬਾਅਦ ਵਿੱਚ, ਅਸੀਂ ਸੋਧਿਆ ਰਾਸ਼ਟਰੀ ਟੀਬੀ ਪ੍ਰੋਗਰਾਮ ਸ਼ੁਰੂ ਕੀਤਾ।
ਮੰਤਰੀ ਨੇ ਕਿਹਾ ਕਿ ਜਦੋਂ ਭਾਸ਼ਣ ਟੀਬੀ ਦੇ ਵਿਰੁੱਧ ਲੜਾਈ ਸੀ, ਪ੍ਰਧਾਨ ਮੰਤਰੀ ਨੇ ਸਾਲ 2018 ਵਿੱਚ ਟੀਬੀ ਨੂੰ ਖਤਮ ਕਰਨ ਲਈ ਇੱਕ ਸਪਸ਼ਟ ਸੱਦਾ ਦੇ ਕੇ ਇੱਕ ਤਬਦੀਲੀ ਦੀ ਸ਼ੁਰੂਆਤ ਕੀਤੀ, ਇਸ ਤਰ੍ਹਾਂ ਨਾ ਸਿਰਫ ਭਾਰਤ ਲਈ, ਸਗੋਂ ਵਿਸ਼ਵ ਲਈ ਇੱਕ ਦਲੇਰਾਨਾ ਬਿਆਨ ਬਣ ਗਿਆ। ਸਿਹਤ ਮੰਤਰਾਲੇ ਨੇ ਪੂਰੀ ਵਚਨਬੱਧਤਾ ਨਾਲ ਇਸ ਟੀਚੇ ਵੱਲ ਕੰਮ ਕੀਤਾ ਹੈ ਅਤੇ ਅਸੀਂ ਸਾਲ 2030 - ਟਿਕਾਊ ਵਿਕਾਸ ਟੀਚਿਆਂ ਨੂੰ ਪੂਰਾ ਕਰਨ ਦਾ ਟੀਚਾ ਸਾਲ, ਤੋਂ ਪਹਿਲਾਂ ਟੀਬੀ ਨੂੰ ਖਤਮ ਕਰਨ ਦੇ ਟੀਚੇ ਨੂੰ ਪ੍ਰਾਪਤ ਕਰਾਂਗੇ।'

ਆਯੁਸ਼ਮਾਨ ਆਰੋਗਯ ਮੰਦਿਰਾਂ ਨੇ ਟੀਬੀ ਦੀ ਜਾਂਚ ਨੂੰ ਬਹੁਤ ਵਧਾ ਦਿੱਤਾ ਹੈ

ਨਵੀਂ ਪਹੁੰਚ ਦੀ ਮਹੱਤਤਾ ਬਾਰੇ ਬੋਲਦਿਆਂ, ਮੰਤਰੀ ਨੇ ਕਿਹਾ ਕਿ ਸਰਕਾਰ ਨੇ ਟੀਬੀ ਸੇਵਾਵਾਂ ਦਾ ਵਿਕੇਂਦ੍ਰੀਕਰਣ ਕਰਨ ਅਤੇ 1.73 ਲੱਖ ਆਯੁਸ਼ਮਾਨ ਆਰੋਗਯ ਮੰਦਿਰਾਂ ਵਿੱਚ ਟੀਬੀ ਦਾ ਇਲਾਜ ਮੁਹੱਈਆ ਕਰਵਾਉਣ ਲਈ ਤੀਬਰ ਰਣਨੀਤੀ ਅਪਣਾਈ ਹੈ। ਇਸ ਨੇ ਟੀਬੀ ਦੇ ਕੇਸਾਂ ਦਾ ਪਤਾ ਲਗਾਉਣ ਦੀ ਸਾਡੀ ਸਮਰੱਥਾ ਨੂੰ ਬਹੁਤ ਵਧਾ ਦਿੱਤਾ ਹੈ। ਐੱਨਏਟੀ ਦੀ ਸ਼ੁਰੂਆਤ ਨੇ ਟੀਬੀ ਦੇ ਨਿਦਾਨ ਵਿੱਚ ਵੀ ਸੁਧਾਰ ਕੀਤਾ ਹੈ। ਮੰਤਰੀ ਨੇ ਦੱਸਿਆ ਕਿ ਰੋਜ਼ਾਨਾ ਵਿਧੀ, ਟੀਕੇ ਤੋਂ ਮੁਕਤ ਇਲਾਜ, ਟੀਬੀ ਪ੍ਰਤੀਰੋਧਕ ਨਿਯਮ, ਪ੍ਰਤੱਖ ਲਾਭ ਟ੍ਰਾਂਸਫਰ ਨਾਲ ਪੋਸ਼ਣ ਸਬੰਧੀ ਸਹਾਇਤਾ ਅਤੇ ਨਿਜੀ ਹਸਪਤਾਲਾਂ ਵਿੱਚ ਡਾਕਟਰਾਂ ਵਲੋਂ ਟੀਬੀ ਦੇ ਮਰੀਜ਼ਾਂ ਦੀ ਨੋਟੀਫਿਕੇਸ਼ਨ ਨੇ ਵੀ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਕੀਤਾ ਹੈ।

ਜਾਗਰੂਕਤਾ ਵਿੱਚ ਸੁਧਾਰ ਕਰਨ ਅਤੇ ਬਿਮਾਰੀ ਨੂੰ ਛੁਪਾਉਣ ਵਰਗੀਆਂ ਪੁਰਾਣੀਆਂ ਮਾਨਸਿਕਤਾਵਾਂ ਨੂੰ ਬਦਲਣ ਦੀ ਜ਼ਰੂਰਤ ਹੈ

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਇਸ ਗੱਲ ਤੇ ਖੁਸ਼ੀ ਜ਼ਾਹਰ ਕੀਤੀ ਕਿ ਹਰਿਆਣਾ ਵਿਚ ਦੇਸ਼ ਵਿਆਪੀ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਰਾਜ ਇਸ ਮੁਹਿੰਮ ਨੂੰ ਸਫਲ ਬਣਾਉਣ ਵਿਚ ਆਪਣਾ ਪੂਰਾ ਸਹਿਯੋਗ ਦੇਵੇਗਾ।ਅਸੀਂ ਲੋਕਾਂ ਨੂੰ ਟੈਸਟ ਕਰਵਾਉਣ ਅਤੇ ਇਲਾਜ ਕਰਵਾਉਣ ਲਈ ਉਤਸ਼ਾਹਿਤ ਕਰਾਂਗੇ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਟੀਬੀ ਵਿਰੁੱਧ ਲੜਾਈ ਵਿੱਚ ਕੋਈ ਵੀ ਪਿੱਛੇ ਨਾ ਰਹੇ।'



ਮੁੱਖ ਮੰਤਰੀ ਨੇ ਕਿਹਾ ਕਿ ਸਾਡਾ ਤਜ਼ਰਬਾ ਦਰਸਾਉਂਦਾ ਹੈ ਕਿ ਉੱਚ ਜਾਂਚ ਨਾਲ ਬਿਹਤਰ ਖੋਜ ਹੁੰਦੀ ਹੈ। ਮੁੱਖ ਮੰਤਰੀ ਨੇ ਜ਼ਿਕਰ ਕੀਤਾ ਕਿ ਜਾਗਰੂਕਤਾ ਦੀ ਘਾਟ ਅਤੇ ਪੁਰਾਣੀ ਮਾਨਸਿਕਤਾ ਜਿਵੇਂ ਕਿ ਬਿਮਾਰੀ ਨੂੰ ਛੁਪਾਉਣ ਦੀ ਪ੍ਰਵਿਰਤੀ, ਨੂੰ ਬਦਲਣ ਦੀ ਜ਼ਰੂਰਤ ਹੈ।
ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਟੀਬੀ ਦੇ ਮਰੀਜ਼ਾਂ ਦੀ ਬਿਹਤਰ ਟ੍ਰੈਕਿੰਗ ਅਤੇ ਇਲਾਜ ਲਈ ਨਿ-ਕਸ਼ਯ ਪੋਰਟਲ ਅਤੇ ਸਾਫਟਵੇਅਰ ਸਮੇਤ ਉੱਨਤ ਤਕਨੀਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ।

ਟੀਬੀ ਦਾ ਪਤਾ ਲਗਾਉਣ ਲਈ ਹਸਪਤਾਲਾਂ ਤੱਕ ਪਹੁੰਚਣ ਵਿੱਚ ਅਸਮਰੱਥ ਲੋਕਾਂ ਦੇ ਲਾਭ ਲਈ ਚਲਾਈ ਜਾ ਰਹੀ ਹੈ ਮੋਬਾਈਲ ਵੈਨ

ਹਰਿਆਣਾ ਦੀ ਸਿਹਤ ਮੰਤਰੀ ਸ਼੍ਰੀਮਤੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਟੀਬੀ ਦਾ ਵੱਧ ਤੋਂ ਵੱਧ ਪਤਾ ਲਗਾਉਣਾ ਅਤੇ ਇਲਾਜ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਇਲਾਜ ਬਿਲਕੁਲ ਮੁਫਤ ਹੋਵੇਗਾ। ਮੰਤਰੀ ਨੇ ਦੱਸਿਆ ਕਿ ਅੱਜ ਉਨ੍ਹਾਂ ਲੋਕਾਂ ਦੇ ਲਾਭ ਲਈ ਨਿ-ਕਸ਼ਯ ਮੋਬਾਈਲ ਵੈਨ ਲਾਂਚ ਕੀਤੀ ਜਾ ਰਹੀ ਹੈ, ਜੋ ਹਸਪਤਾਲਾਂ ਤੱਕ ਨਹੀਂ ਪਹੁੰਚ ਸਕਦੇ ਅਤੇ ਇਸ ਤਰ੍ਹਾਂ ਉਨ੍ਹਾਂ ਦਾ ਪਤਾ ਲਗ ਜਾਂਦਾ ਹੈ। ਇਹ ਖੋਜ ਵਿੱਚ ਸੁਧਾਰ ਕਰੇਗੀ ਅਤੇ ਮੌਤ ਦਰ ਨੂੰ ਘਟਾਏਗੀ।

ਲਗਭਗ 25 ਕਰੋੜ ਲੋਕਾਂ ਦੇ, ਜਿਨ੍ਹਾਂ ਵਿੱਚ ਲੱਛਣ ਨਹੀਂ ਹਨ ਅਤੇ ਅਸੁਰੱਖਿਅਤ ਸਮੂਹਾਂ ਨਾਲ ਸਬੰਧਿਤ ਹਨ, ਟੀਬੀ ਦੇ ਟੈਸਟ ਕੀਤੇ ਜਾਣਗੇ

ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੀ ਸਕੱਤਰ ਸ਼੍ਰੀਮਤੀ ਪੁੰਨਿਆ ਸਲੀਲਾ ਸ਼੍ਰੀਵਾਸਤਵ ਨੇ ਕਿਹਾ ਕਿ ਮੁਹਿੰਮ ਦਾ ਟੀਚਾ ਟੀਬੀ ਦੇ ਖਾਤਮੇ ਲਈ ਮੌਜੂਦਾ ਯਤਨਾਂ ਅਤੇ ਟੀਬੀ ਨੂੰ ਖਤਮ ਕਰਨ ਦੇ ਮਿਸ਼ਨ ਲਈ ਸਮਾਜਿਕ ਸਹਿਯੋਗ ਨੂੰ ਮਜ਼ਬੂਤ ਕਰਨਾ ਹੈ।

## ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਾਵਰਕਾਮ ਅਤੇ ਟਰਾਂਸਕੋ ਕਮੇਟੀ ਦੀ ਹੋਈ ਮੀਟਿੰਗ

ਰਾਮਪੁਰਾ ਫੂਲ (ਲੋਕ ਬਾਣੀ)-ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਾਵਰਕੌਮ ਅਤੇ ਟਰਾਂਸਕੋ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਬਾਬਾ ਅਮਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ। ਜਿਸ ਵਿੱਚ ਪੰਜਾਬ ਸਰਕਾਰ ਦੇ ਮੁਲਾਜਮਾਂ ਅਤੇ



ਪੈਨਸ਼ਨਰਜ਼ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸਬੰਧੀ ਟਾਲ ਮਟੋਲ ਦੀ ਨੀਤੀ ਦੀ ਸਖਤ ਨਿਖੇਧੀ ਕੀਤੀ ਗਈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਲੰਮੇ ਸਮੇਂ ਤੋਂ ਪੈਂਡਿੰਗ ਪਈਆਂ ਮੁੱਖ ਮੰਗਾਂ ਨੂੰ ਪੂਰਿਆ ਜਾਵੇ। ਆਗੂਆਂ ਨੇ ਕਿਹਾ ਕਿ ਜਨਵਰੀ 2016 ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਪੇ ਸਕੇਲਾਂ ਦੇ ਬਕਾਏ ਜਾਰੀ ਕੀਤੇ ਜਾਣ। 31/12/2015 ਤੋਂ ਪਹਿਲਾਂ ਰਿਟਾਇਰ ਹੋਏ ਕਰਮਚਾਰੀਆਂ ਨੂੰ 2.59 ਦੇ ਫਾਰਮੂਲੇ ਅਨੁਸਾਰ ਪੈਨਸ਼ਨਾਂ ਦਿੱਤੀਆਂ ਜਾਣ। ਰਿਟਾਇਰ ਹੋਏ ਕਰਮਚਾਰੀਆਂ ਤੋਂ 200 ਰੁਪੈ ਮਹੀਨਾ ਕੱਟਿਆ ਜਾਂਦਾ ਜਜੀਆ ਟੈਕਸ ਬੰਦ ਕੀਤਾ ਜਾਵੇ। ਉਨਾਂ ਕਿਹਾ ਕਿ ਰਿਟਾਇਰੀ ਕਰਮਚਾਰੀਆਂ ਤੋਂ ਲਿਆ ਜਾਂਦਾ ਅਲਾਈਵ ਸਰਟੀਫਿਕੇਟ ਸੌਖਾ ਕੀਤਾ ਜਾਵੇ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਜਨਰਲ ਸਕੱਤਰ ਪੰਜਾਬ ਬੀ.ਐਸ ਸੇਖੋਂ ਨੇ ਦੱਸਿਆ ਕੇ ਵੱਡੇ ਵੱਡੇ ਦਾਅਵੇ ਕਰਕੇ ਸੱਤਾ ਵਿੱਚ ਆਈ ਮੌਜੂਦਾ ਸਰਕਾਰ ਨੇ ਕਿਹਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਧਰਨੇ ਮੁਜ਼ਾਹਰੇ ਨਹੀਂ ਕਰਨੇ ਪੈਣਗੇ ਪਰ ਇਸ ਦੇ ਉਲਟ ਹੁਣ ਇੱਕ ਦਿਨ ਵੀ ਅਜਿਹਾ ਨਹੀਂ ਲੰਘਦਾ ਜਿਸ ਦਿਨ ਮੁਲਾਜ਼ਮ ਅਤੇ ਪੈਨਸ਼ਨਰ ਆਪਣੀਆਂ ਮੰਗਾਂ ਦੀ ਖਾਤਰ ਸੜਕਾਂ ਤੇ ਰੁਲਣ ਲਈ ਮਜਬੂਰ ਨਾ ਹੋਏ ਹੋਣ। ਇਸ ਮੌਕੇ ਬਾਬਾ ਅਮਰਜੀਤ ਸਿੰਘ, ਵਿਨੋਦ ਸਲਵਾਨ, ਪਰਮਜੀਤ ਸਿੰਘ ਦਸੂਹਾ, ਐਮ.ਐਲ. ਕਪਿਲਾ, ਬੀ.ਐਸ.ਸੇਖੋਂ, ਸੁਖਦੇਵ ਸਿੰਘ ਕੈਸ਼ੀਅਰ ਲਖਬੀਰ ਸਿੰਘ, ਕੰਵਰ ਜ਼ਸਵਿੰਦਰ ਪਾਲ ਸਿੰਘ, ਰਾਮ ਕਿਸ਼ਨ, ਰਾਮ ਸਰਨ ਪ੍ਰਾਸ਼ਰ, ਪਲਮਿੰਦਰ ਸਿੰਘ, ਬਲਵਿੰਦਰ ਸਿੰਘ ਪਨਖੂਹ, ਪਵਿੱਤਰ ਸਿੰਘ, ਜਗਦੀਸ਼ ਰਾਮਪੁਰਾ ਹਰਜਸ ਸਿੰਘ, ਜਗਦੇਵ ਸਿੰਘ ਮਾਨ ,ਰਣਜੀਤ ਸਿੰਘ, ਕੁੰਵਰ ਸਿੰਘ ਚੌਹਾਨ, ਕੁਲਦੀਪ ਸਿੰਘ ਮਿਨਹਾਸ, ਪਰਮਜੀਤ ਸਿੰਘ ਜਲੰਧਰ, ਓਮ ਪ੍ਰਕਾਸ਼, ਅਵਤਾਰ ਸਿੰਘ ਬਮਰਾਹ, ਮਲਕੀਤ ਸਿੰਘ ਕੰਗ, ਲਖਵੀਰ ਸਿੰਘ ਸੰਧੂ, ਸ਼ਿਵਦੇਵ ਸਿੰਘ, ਮਹਿੰਦਰ ਸਿੰਘ ਫਿਰੋਜਪੁਰ, ਜਰਨੈਲ ਸਿੰਘ, ਸੁਰਿੰਦਰ ਸਿੰਘ ਸ਼ਾਹਪੁਰ ਕੰਢੀ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਭਾਈ ਸਿਮਰਨਜੀਤ ਸਿੰਘ ਮਾਨ ਵੱਲੋਂ ਜਥੇਦਾਰ ਅਰਜਨ ਸਿੰਘ ਦੇ ਗ੍ਰਹਿ ਵਿਖੇ ਪਰਿਵਾਰ ਨਾਲ ਦੁੱਖ ਦਾ ਇਜਹਾਰ

ਕਿਸ਼ਨਪੁਰਾ ਕਲਾਂ (ਲੋਕ ਬਾਣੀ)-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਸਿਮਰਨਜੀਤ ਸਿੰਘ ਮਾਨ ਨੇ ਭਾਰਤ ਸਰਕਾਰ ਦੇ ਖਾਲਿਸਤਾਨ ਸੰਘਰਸ ਨਾਲ ਜੁੜੇ ਸਿੱਖਾਂ ਨੂੰ ਅਤਵਾਦੀ ਵਜੋਂ ਦਰਸਾਉਣ ਦੀ ਸਖਤ ਨਿਖੇਦੀ ਕੀਤੀ ਅਤੇ ਸਪਸ਼ਟ ਕੀਤਾ ਕਿ ਖਾਲਿਸਤਾਨੀ ਸਿੱਖ ਅਤਵਾਦੀ ਨਹੀਂ ਹਨ। ਕਿਸਨਪੁਰਾ ਕਲਾ ਵਿਖੇ ਪਾਰਟੀ ਦੇ ਟਕਸਾਲੀ ਅਤੇ ਵਫਾਦਾਰ ਸਿਪਾਹੀ ਜਥੇਦਾਰ ਅਰਜਨ ਸਿੰਘ ਮਾਨ ਦੀ ਮੌਤ ਦਾ ਦੁੱਖ ਦਾ ਇਜਹਾਰ ਕਰਦਿਆਂ ਭਾਈ ਸਿਮਰਨਜੀਤ ਸਿੰਘ ਮਾਨ ਨੇ ਜਥੇਦਾਰ ਅਰਜਨ ਸਿੰਘ ਦੀ ਧਰਮਪਤਨੀ ਹਰਜਿੰਦਰ ਕੌਰ ਤੇ ਉਹਨਾਂ ਦੇ ਪੁੱਤਰ ਰਾਜਿੰਦਰ ਸਿੰਘ ਬਿੰਦਰ ਅਤੇ ਨੂੰਹ ਰਾਣੀ ਸਵਰਨਜੀਤ ਕੌਰ ਨੂੰ ਹੌਸਲਾ ਦਿੰਦਿਆਂ ਕਿਹਾ ਕਿ ਪਾਰਟੀ ਇਸ ਪਰਿਵਾਰ ਦੇ ਨਾਲ ਹਮੇਸ਼ਾ ਖੜੀ ਹੈ ਜਦੋਂ ਵੀ ਉਹ ਯਾਦ ਕਰਨਗੇ ਅਸੀਂ ਹਾਜ਼ਰ ਹਾਂ। ਇੱਥੇ ਦੱਸਿਆ ਜਾਂਦਾ ਹੈ ਕਿ ਜਥੇਦਾਰ ਅਰਜਨ ਸਿੰਘ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦੇ ਭੋਗ ਸਮੇਂ ਨਾ ਪਹੁੰਚਣ ਤੇ ਅੱਜ ਭਾਈ ਸਿਮਰਨਜੀਤ ਸਿੰਘ ਮਾਨ ਨੇ ਉਹਨਾਂ ਦੇ ਘਰ ਆ ਕੇ ਪਰਿਵਾਰ ਨਾਲ ਦੁੱਖ ਦਾ ਇਜਹਾਰ ਕੀਤਾ ਇਸ ਸਮੇਂ ਪਾਰਟੀ ਦੇ ਹੋਰ ਵੀ ਕਈ ਪ੍ਰਮੁੱਖ ਆਗੂ ਭਾਈ ਮਾਨ ਸਾਹਿਬ ਦੇ ਨਾਲ ਸਨ। ਇਸ ਮੌਕੇ ਚੁਣਵੇਂ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਭਾਈ ਸਿਮਰਨਜੀਤ ਸਿੰਘ ਮਾਨ ਨੇ ਭਾਰਤ ਦੀ ਖੁਫੀਆ ਏਜੰਸੀਆਂ ਅਤੇ ਸੁਰੱਖਿਆ ਬਲਾਂ ਦੁਬਾਰਾ ਵਿਦੇਸ਼ਾਂ ਵਿੱਚ ਕੀਤੇ ਗਏ ਗੈਰ ਨਿਆਇਕ ਕਤਲਾਂ ਦੀ ਅੰਤਰਰਾਸ਼ਟਰੀ ਜਾਂਚ ਦੀ ਮੰਗ ਕੀਤੀ, ਨਾਲ ਹੀ ਕਨੇਡਾ ਸਰਕਾਰ ਦਾ ਭਾਰਤ ਸਰਕਾਰ ਅਤੇ ਅਪਰਾਧਿਕ ਗਤੀਵਿਧੀਆਂ ਲਈ ਬਦਨਾਮ ਗੈਂਗਸਟਰਾਂ ਦੀ ਵਰਤੋਂ ਅਤੇ ਖਾਲਸਤਾਨੀ ਸਿੱਖ ਨੂੰ ਟਾਰਗੇਟ ਕਰਨ ਦੇ ਲਾਏ ਦੋਸ ਗੰਭੀਰ ਦੀ ਵੀ ਅੰਤਰਰਾਸ਼ਟਰੀ ਜਾਂਚ ਦੀ ਮੰਗ ਕੀਤੀ। ਸਿੱਖ ਕੌਮ ਦੇ ਰਖਵਾਲੇ ਭਾਈ ਸਿਮਰਨਜੀਤ ਸਿੰਘ ਮਾਨ ਇਤਿਹਾਸ ਦੇ ਮੌਜੂਦਾ ਦੌਰ ਵਿੱਚ ਧਰਮ ਯੁੱਧ ਮੋਰਚੇ ਤੋਂ ਲੈਕੇ ਅੱਜ ਤੱਕ ਸਿੱਖ ਆਪਣੇ ਸਬਦ ਗੁਰੂ ਦੇ ਸਿਧਾਂਤ ਨਿਆਰੀ ਹੋਂਦ ਹਸਤੀ ਅਤੇ ਪੰਜਾਬ ਦੇ ਹੱਕਾਂ ਲਈ ਲੜਦੇ ਆ ਰਹੇ ਹਨ, ਹੱਕ ਮਿਲਣੇ ਤਾਂ ਕੀ ਸੀ ਜੋ ਥੋੜੇ ਬਹੁਤ ਸਨ, ਉਹ ਵੀ ਖੋਹ ਲਏ ਗਏ। ਭਾਰਤ ਦੇ ਰਾਜਸੀ ਸਿਸਟਮ ਦਾ ਮੁਕੰਮਲ ਹਿੰਦੂਕਰਨ ਅਤੇ ਕੇਂਦਰੀ ਕਰਨ ਹੋ ਚੁੱਕਾ ਹੈ। ਪੰਜਾਬ ਦੇ ਮੁੱਦਿਆਂ ਅਤੇ ਸਿੱਖੀ ਸੰਭਾਲਣ ਦੀ ਗੱਲ ਕਰਦਿਆਂ ਭਾਈ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਹੈ ਕਿ ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਸਮਰਪਿਤ ਜਥੇਬੰਦੀਆਂ ਅਤੇ ਪਾਰਟੀਆਂ ਜਿਨਾਂ ਦਾ ਟੀਚਾ ਅਤੇ ਮਿਸ਼ਨ ਇੱਕ ਹੈ ਉਹਨਾਂ ਨੂੰ ਮਿਸਾਲ ਕਾਇਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।





# ਖੁੱਲ੍ਹੇ ਬਿਜਲੀ ਮੀਟਰਾਂ ਦੇ ਬਕਸੇ ਹਾਦਸਿਆਂ ਨੂੰ ਦੇ ਰਹੇ ਨੇ ਸੱਦਾ, ਕਿਸੇ ਵੇਲੇ ਵੀ ਵਾਪਰ ਸਕਦੈ ਕੋਈ ਵੱਡਾ ਹਾਦਸਾ

ਡੇਰਾਬੱਸੀ (ਲੋਕ ਬਾਣੀ)---

ਅੰਬਾਲਾ ਚੰਡੀਗੜ੍ਹ ਨੈਸ਼ਨਲ ਹਾਈਵੇਅ ਤੇ ਸਥਿਤ ਆਦਰਸ਼ ਨਗਰ ਵਿਖੇ ਬਿਜਲੀ ਦੇ ਮੀਟਰਾਂ ਵਾਲਾ ਬਕਸਾ ਖੁੱਲਾ ਪਿਆ ਹੈ, ਜਿਹੜੇ ਕਿ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਇਸ ਦੇ ਨਾਲ ਹੀ ਹੁਣ ਸਰਦੀਆਂ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਇਸ ਦੌਰਾਨ ਕਾਫੀ ਧੁੰਦ ਵੀ ਪੈਣੀ ਸ਼ੁਰੂ ਹੋ ਜਾਵੇਗੀ ਜਿਸ ਕਾਰਨ ਖ਼ਤਰਾ ਹੋਰ ਵੀ ਵੱਧ ਗਿਆ ਹੈ। ਇੱਥੇ ਬਿਜਲੀ ਦੇ ਮੀਟਰਾਂ ਦੀ ਹਾਲਤ ਅਜਿਹੀ ਹੈ ਕਿ ਮੀਟਰਾਂ ਦਾ ਬਕਸਾ ਜ਼ਮੀਨ ਤੇ ਰੱਖਿਆ ਹੋਇਆ ਹੈ, ਜਿਸ ਵਿਚ 10 ਤੋਂ 12 ਮੀਟਰ ਲੱਗੇ ਹੋਏ ਹਨ ਅਤੇ ਸਾਰੇ ਮੀਟਰਾਂ ਦੀਆਂ ਤਾਰਾਂ ਖੁੱਲ੍ਹੀਆਂ ਪਈਆਂ ਹਨ, ਜਿਨ੍ਹਾਂ ਨੂੰ ਬੱਚਾ ਵੀ ਆਸਾਨੀ ਨਾਲ ਛੂਹ ਸਕਦਾ ਹੈ। ਇਹ ਸਭ ਕੁਝ ਜਾਣਨ ਦੇ ਬਾਵਜੂਦ ਪਾਵਰਕੌਮ ਦੇ ਅਧਿਕਾਰੀ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੇ।



ਇਸ ਸਬੰਧੀ ਵਾਰਡ ਵਾਸੀਆਂ ਵੱਲੋਂ ਕਈ ਵਾਰ ਅਧਿਕਾਰੀਆਂ ਨੂੰ ਸ਼ਿਕਾਇਤਾਂ ਕਰਨ ਦੇ ਬਾਵਜੂਦ ਸਮੱਸਿਆ ਦਾ ਕੋਈ ਹੱਲ ਨਹੀਂ ਹੋਇਆ। ਸਥਾਨਕ ਲੋਕਾਂ ਨੇ ਦੱਸਿਆ ਕਿ ਪਹਿਲਾਂ ਲੋਕਾਂ ਦੇ ਘਰਾਂ ਵਿੱਚ ਬਿਜਲੀ ਦੇ ਮੀਟਰ ਲਗਾਏ ਜਾਂਦੇ ਸਨ ਪਰ ਬਿਜਲੀ ਚੋਰੀ ਰੋਕਣ ਦੇ ਉਦੇਸ਼ ਨਾਲ ਵਿਭਾਗ ਨੇ ਬਾਹਰ ਮੀਟਰ ਬਕਸੇ ਲਗਾ ਦਿੱਤੇ। ਇਹ ਮੀਟਰ ਬਕਸੇ ਕੁੱਝ ਸਮੇਂ ਲਈ ਠੀਕ ਹਾਲਤ ਵਿਚ ਰਹੇ ਪਰ ਹੁਣ ਇਨ੍ਹਾਂ ਦਾ ਮੰਦਾ ਹਾਲ ਹੈ ਪਰ ਮੌਜੂਦਾ ਸਮੇਂ ਸਥਿਤੀ ਇਹ ਹੈ ਕਿ ਮੀਟਰ ਬਕਸੇ ਦੇ ਦਰਵਾਜ਼ੇ ਟੁੱਟੇ ਪਏ ਹਨ। ਕਈ ਥਾਵਾਂ 'ਤੇ ਬਿਜਲੀ ਦੇ ਮੀਟਰ ਬਕਸੇ ਖੁੱਲ੍ਹੇ ਪਏ ਹਨ। ਜਿਸ ਕਾਰਨ ਇਥੋਂ ਗੁਜ਼ਰਨ ਵਾਲੇ ਬੱਚੇ ਅਕਸਰ ਇਨ੍ਹਾਂ ਖੁੱਲ੍ਹੇ ਬਿਜਲੀ ਮੀਟਰ ਬਕਸਿਆਂ ਦੇ ਆਲੇ-ਦੁਆਲੇ ਖੇਡਦੇ ਰਹਿੰਦੇ ਹਨ। ਇਸ ਕਾਰਨ ਹਾਦਸੇ ਦਾ ਖਤਰਾ ਬਣਿਆ ਰਹਿੰਦਾ ਹੈ। ਬਰਸਾਤ ਦੌਰਾਨ ਕਈ ਵਾਰ ਖੁੱਲ੍ਹੇ ਬਿਜਲੀ ਮੀਟਰ ਬਕਸੇ ਪਾਣੀ ਕਾਰਨ ਖਰਾਬ ਹੋ ਜਾਂਦੇ ਹਨ। ਬਰਸਾਤ 'ਚ ਵੀ ਬਕਸਿਆਂ ਵਿੱਚੋਂ ਕਰੰਟ ਆਉਣਾ ਸ਼ੁਰੂ ਹੋ ਜਾਂਦਾ ਹੈ। ਲੋਕਾਂ ਨੇ ਕਿਹਾ ਕਿ ਵਿਭਾਗ ਨੂੰ ਚਾਹੀਦਾ ਹੈ ਕਿ ਉਹ ਇਨ੍ਹਾਂ ਮੀਟਰ ਬਕਸਿਆਂ ਦੀ ਸਹੀ ਸਾਂਭ-ਸੰਭਾਲ ਕਰੇ ਤਾਂ ਜੋਂ ਕੋਈ ਹਾਦਸਾ ਨਾ ਵਾਪਰੇ। ਲੋਕਾਂ ਦਾ ਕਹਿਣਾ ਹੈ ਕਿ ਬਿਜਲੀ ਦੇ ਕੰਮ ਵਿਚ ਲਾਪ੍ਰਵਾਹੀ ਲੋਕਾਂ ਨੂੰ ਕਿਸੇ ਸਮੇਂ ਵੀ ਮਹਿੰਗੀ ਪੈ ਸਕਦੀ ਹੈ। ਵਿਭਾਗ ਵੱਲੋਂ ਲਗਾਏ ਨੀਵੇਂ ਲਟਕਦੇ ਮੀਟਰ ਬਕਸੇ ਲੋਕਾਂ ਨੂੰ ਪ੍ਰੇਸ਼ਾਨੀ ਦਾ ਕਾਰਨ ਬਣ ਰਹੇ ਹਨ। ਇਹ ਬਕਸੇ ਹੇਠਾਂ ਲਟਕ ਰਹੇ ਹਨ, ਜਿਸ ਕਾਰਨ ਕੋਈ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ। ਉਨ੍ਹਾਂ ਪਾਵਰਕੌਮ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਮੀਟਰ ਬਕਸੇ ਸਹੀ ਕਰਕੇ ਲਗਾਏ ਜਾਣ। ਜਦੋਂ ਇਸ ਬਾਰੇ ਐਸਡੀਓ ਪਾਵਰਕੌਮ ਡੇਰਾਬੱਸੀ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਜਵਾਬ ਦੇਣਾ ਤਾਂ ਦੂਰ ਦੀ ਗੱਲ ਫੋਨ ਚੁੱਕਣਾ ਵੀ ਮੁਨਾਸਿਬ ਨਹੀਂ ਸਮਝਿਆ ਜਿਸ ਕਾਰਨ ਉਨ੍ਹਾਂ ਨਾਲ ਗੱਲ ਨਹੀਂ ਹੋ ਸਕੀ।

# ਲਾਇਨਜ਼ ਕਲੱਬ ਨੇ ਲੋੜਵੰਦਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ



ਡੇਰਾਬਸੀ, (ਲੋਕ ਬਾਣੀ))---

ਲਾਇਨਜ਼ ਕਲੱਬ ਡੇਰਾਬਸੀ ਵੱਲੋਂ ਖਟੀਕ ਧਰਮਸ਼ਾਲਾ ਵਿੱਚ ਮਹੀਨਾਵਾਰ ਰਾਸ਼ਨ ਵੰਡਿਆ ਗਿਆ। ਲਾਇਨਜ਼ ਕਲੱਬ ਦੇ ਸੀਨੀਅਰ ਮੈਂਬਰ ਬਲਕਾਰ ਸਿੰਘ ਨੇ ਦੱਸਿਆ ਕਿ ਲਾਇਨਜ਼ ਕਲੱਬ ਹਰ ਮਹੀਨੇ 30 ਤੋਂ ਵੱਧ ਪਰਿਵਾਰਾਂ ਨੂੰ ਰਾਸ਼ਨ ਵੰਡਦਾ ਹੈ। ਉਨ੍ਹਾਂ ਕਿਹਾ ਕਿ ਹਰ ਪਰਿਵਾਰ ਨੂੰ ਆਧਾਰ ਕਾਰਡ ਆਦਿ ਲੈ ਕੇ ਹੀ ਰਾਸ਼ਨ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਹਰੇਕ ਪਰਿਵਾਰ ਨੂੰ ਇੱਕ ਮਹੀਨੇ ਲਈ 5 ਵਿਅਕਤੀਆਂ ਦਾ ਰਾਸ਼ਨ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅਗਲੀ ਵਾਰ ਲੋੜਵੰਦ ਲੋਕਾਂ ਨੂੰ ਰਾਸ਼ਨ ਦੇ ਨਾਲ ਗਰਮ ਕੰਬਲ ਵੀ ਦਿੱਤੇ ਜਾਣਗੇ। ਇਸ ਮੌਕੇ ਲਾਇਨ ਬਰਖਾ ਰਾਮ, ਲਾਇਨ ਠੇਕੇਦਾਰ ਪ੍ਰੇਮ ਸਿੰਘ ਆਦਿ ਹਾਜ਼ਰ ਸਨ।

# ਵੈਦਿਕ ਮੈਥ ਸੈਮੀਨਾਰ ਵਿੱਚ ਵਿਦਿਆਰਥੀਆਂ ਦਾ ਹਿਸਾਬ ਵਿਸ਼ੇ ਦਾ ਡਰ ਹੋਇਆ ਦੂਰ

ਰਾਮਪੁਰਾ ਫੂਲ (ਲੋਕ ਬਾਣੀ) -ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢਪਾਲੀ ਵਿਖੇ ਵਿਦਿਆਰਥੀਆਂ ਨੂੰ ਵੈਦਿਕ ਮੈਥ ਵਿਧੀ ਦੇ ਨਾਲ ਰੋਚਕ ਅਤੇ ਅਸਾਨ ਤਰੀਕੇ ਨਾਲ ਹਿਸਾਬ ਵਿਸ਼ੇ ਦੀ ਜਾਣਕਾਰੀ ਦੇਣ ਦੇ ਲਈ ਸਕੂਲ ਇੰਚਾਰਜ ਸੁਖਵਿੰਦਰ ਸਿੰਘ ਦੀ ਅਗੁਵਾਈ ਵਿੱਚ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸਕੂਲ ਅਧਿਆਪਕਾ ਸੋਨੀਆ ਰਾਣੀ ਦੇ ਯਤਨਾਂ ਸਦਕਾ ਵਿਦਿਆਰਥੀਆਂ ਲਈ ਮੁਫਤ ਕਰਵਾਏ ਗਏ ਇਸ ਸੈਮੀਨਾਰ ਦੌਰਾਨ ਰਾਮਪੁਰਾ ਫੂਲ ਤੋ ਵੈਦਿਕ ਮੈਥ ਟ੍ਰੇਨਰ ਅਪੈਕਸ਼ਾ ਨੇ ਵਿਦਿਆਰਥੀਆਂ ਨੂੰ ਵੱਡਮੁੱਲੀ ਜਾਣਕਾਰੀ ਦਿੱਤੀ। ਅਪੈਕਸ਼ਾ ਨੇ ਦੱਸਿਆ ਕਿ ਭਾਰਤ ਸਮੇਤ ਦੁਨੀਆਂ ਦੇ ਅਨੇਕਾਂ ਦੇਸ਼ਾਂ ਵਿੱਚ ਜਿਆਦਾਤਰ ਸਕੂਲੀ ਵਿਦਿਆਰਥੀਆਂ ਨੂੰ ਹਿਸ਼ਾਬ ਵਿਸ਼ੇ ਤੋ ਡਰ ਲਗਦਾ ਹੈ। ਲੇਕਿਨ ਜੇਕਰ ਇਸ ਤੋ ਡਰਨ ਦੀ ਥਾਂ ਤੇ ਪੜ੍ਹਨ ਦਾ ਤਰੀਕਾ ਬਦਲ ਲਿਆ ਜਾਵੇ ਅਤੇ ਹਿਸਾਬ ਵਿਸ਼ੇ ਨਾਲ ਦੋਸਤੀ ਕਰ ਲਈ ਜਾਵੇ ਤਾਂ ਇਹ ਸਭ ਤੋ ਮਜ਼ੇਦਾਰ ਵਿਸ਼ਾ ਬਣ ਜਾਂਦਾ ਹੈ। ਜੇਕਰ ਸ਼ੁਰੂਆਤੀ ਸਮੇ ਤੋ ਹੀ ਵਿਦਿਆਰਥੀ ਇਸ ਵਿਸ਼ੇ ਨੂੰ ਚੰਗੀ ਤਰ੍ਹਾਂ ਸਮਝ ਲੈਣ ਤਾਂ ਪੂਰੀ ਜਿੰਦਗੀ ਉਹ ਗਣਿਤ ਵਿਸ਼ੇ ਪ੍ਰਤੀ ਉਨ੍ਹਾਂ ਦਾ ਨਜ਼ਰੀਆ ਸਕਾਰਤਮਕ ਰਹਿ ਸਕਦਾ ਹੈ। ਵਰਕਸ਼ਾਪ ਦੌਰਾਨ ਅਧਿਆਪਕਾ ਗੀਤੂ ਸਿੰਗਲਾ, ਮੀਨਾ ਰਾਣੀ, ਮਨਦੀਪ ਕੌਰ, ਅਮਨਪ੍ਰੀਤ ਕੌਰ, ਅਮਨਦੀਪ ਕੌਰ, ਕਿਰਨਜੀਤ ਕੌਰ, ਇੰਦਰਲੀਨ ਕੌਰ, ਰਮਨਦੀਪ ਕੌਰ, ਗੁਰਪ੍ਰੀਤ ਕੌਰ, ਇੰਦਰਜੀਤ ਕੌਰ, ਅਨੰਤਪ੍ਰੀਤ ਕੌਰ ਅਤੇ ਰਾਜਿੰਦਰ ਕੌਰ ਆਦਿ ਵੀ ਮੌਜੂਦ ਰਹੇ।




# ਐਚ ਐਸ ਫੂਲਕਾ ਵੱਲੋਂ ਅਕਾਲੀ ਦਲ ਨੂੰ ਮਜ਼ਬੂਤ ਕਰਨ ਦਾ ਸੱਦਾ



ਚੰਡੀਗੜ੍ਹ (ਲੋਕ ਬਾਣੀ) ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਅਤੇ ਸਾਬਕਾ ਵਿਰੋਧੀ ਧਿਰ ਦੇ ਨੇਤਾ ਐਡਵੋਕੇਟ ਐਚ ਐਸ ਫੂਲਕਾ ਨੇ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਲੈਣ ਦਾ ਐਲਾਨ ਕੀਤਾ ਹੈ। ਉਨ੍ਹ ਇਹ ਵੀ ਕਿਹਾ ਕਿ ਅਕਾਲ ਤਖਤ ਸਾਹਿਬ ਦੀ ਹੁਕਮਾਂ ਮੁਤਾਬਕ ਦੂਜੀਆਂ ਪਾਰਟੀਆਂ ਵਿਚ ਗਏ ਆਗੂਆਂ ਨੂੰ ਵੀ ਹੁਣ ਪਾਰਟੀ ਵਿਚ ਵਾਪਸੀ ਕਰਨੀ ਚਾਹੀਦੀ ਹੈ।ਉਨ੍ਹਾਂ ਨੇ ਕਿਹਾ ਕਿ ਉਹ ਦਿਲੋਂ ਚਾਹੁੰਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਹੋਣਾ ਚਾਹੀਦਾ। ਮੈਂਬਰਸ਼ਿਪ ਨੂੰ ਲੈ ਕੇ ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨਾਲ ਗੱਲ ਕੀਤੀ ਸੀ, ਜਿਨ੍ਹਾਂ ਨੇ ਕਿਹਾ ਕਿ ਜਲਦ ਹੀ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਐਚਐਸ ਫੂਲਕਾ ਨੇ ਸੁਖਬੀਰ ਸਿੰਘ ਬਾਦਲ ਉਤੇ ਹੋਏ ਹਮਲੇ ਦੀ ਨਿੰਦਾ ਕੀਤੀ।







